ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 17 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੪ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਆਪਸ 'ਚ ਟਕਰਾਏ ਦੋ ਜਹਾਜ਼

# ਦਿੱਲੀ ਏਅਰਪੋਰਟ 'ਤੇ ਟਲਿਆ ਵੱਡਾ ਹਾਦਸਾ

**ਨਵੀਂ ਦਿੱਲੀ, 16 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਟੈਕਸਿੰਗ (ਜਹਾਜ਼ ਨੂੰ ਪਾਰਕ ਕਰਨਾ) ਕਰਦੇ ਸਮੇਂ ਸਪਾਈਸਜੈੱਟ ਦਾ ਇੱਕ ਜਹਾਜ਼ ਅਕਾਸਾ ਏਅਰ ਦੇ ਜਹਾਜ਼ ਨਾਲ ਟਕਰਾ ਗਿਆ। ਇਸ ਘਟਨਾ 'ਚ ਸਪਾਈਸਜੈੱਟ ਦੇ ਜਹਾਜ਼ ਦੇ ਸੱਜੇ ਵਿੰਗਲੇਟ ਨੂੰ ਨੁਕਸਾਨ ਪਹੁੰਚਿਆ ਹੈ, ਜਿਸ ਕਾਰਨ ਜਹਾਜ਼ ਨੂੰ ਜ਼ਮੀਨ 'ਤੇ ਉਤਾਰਨਾ ਪਿਆ। ਸਪਾਈਸਜੈੱਟ ਦੇ ਬੁਲਾਰੇ ਨੇ ਇਸ ਸਬੰਧੀ ਜਾਰੀ ਇੱਕ ਬਿਆਨ ਵਿੱਚ ਕਿਹਾ, "16 ਅਪ੍ਰੈਲ, 2026 ਨੂੰ ਇੱਕ ਸਪਾਈਸਜੈੱਟ 2737-700 ਜਹਾਜ਼ ਦਿੱਲੀ ਹਵਾਈ ਅੱਡੇ 'ਤੇ ਟੈਕਸਿੰਗ ਕਰਦੇ ਸਮੇਂ ਗਰਾਉਂਡ ਐਕਸੀਡੈਂਟ ਦਾ ਸ਼ਿਕਾਰ ਹੋ ਗਿਆ ਹੈ। ਇਸ ਘਟਨਾ ਵਿੱਚ ਜਹਾਜ਼ ਦੇ ਸੱਜੇ ਵਿੰਗਲੇਟ ਨੂੰ ਨੁਕਸਾਨ ਪਹੁੰਚਿਆ , ਜਦੋਂ ਕਿ ਦੂਜੀ ਏਅਰਲਾਈਨ ਦੇ ਜਹਾਜ਼ ਦੇ ਖੱਬੇ ਹੱਥ ਦੇ ਹਰੀਜੱਟਲ ਸਟੈਬੀਲਾਈਜ਼ਰ ਨੂੰ ਵੀ ਨੁਕਸਾਨ ਪਹੁੰਚਿਆ ਸੀ। ਸਾਵਧਾਨੀ ਦੇ ਤੌਰ 'ਤੇ ਇਸ ਸਪਾਈਸਜੈੱਟ ਜਹਾਜ਼ ਨੂੰ ਦਿੱਲੀ ਹਵਾਈ ਅੱਡੇ 'ਤੇ ਹੀ ਗ੍ਰਾਊਂਡ ਕਰ ਦਿੱਤਾ ਗਿਆ ਹੈ। ਅਕਾਸਾ ਏਅਰ ਦੇ ਬੁਲਾਰੇ ਨੇ ਇੱਕ ਬਿਆਨ ਵਿੱਚ ਕਿਹਾ, "16 ਅਪ੍ਰੈਲ, 2026 ਨੂੰ ਦਿੱਲੀ ਤੋਂ ਹੈਦਰਾਬਾਦ ਜਾ ਰਹੀ ਅਕਾਸਾ ਏਅਰ ਦੀ ਉਡਾਣ QP-1406 ਨੂੰ ਵਾਪਸ ਬੇ ਲਿਜਾਣਾ ਪਿਆ। ਅਕਾਸਾ ਏਅਰ ਦਾ ਜਹਾਜ਼ ਬੇਅ ਏਰੀਆ ਵਿੱਚ ਖੜ੍ਹਾ ਸੀ ਜਦੋਂ ਇਹ ਕਿਸੇ ਹੋਰ ਏਅਰਲਾਈਨ ਦੇ ਜਹਾਜ਼ ਨਾਲ ਟਕਰਾ ਗਿਆ। ਸਾਰੇ ਯਾਤਰੀਆਂ ਅਤੇ ਚਾਲਕ ਦਲ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ। ਏਅਰਲਾਈਨ ਦੇ ਗਰਾਊਂਡ ਸਟਾਫ ਨੇ ਯਾਤਰੀਆਂ ਨੂੰ ਜਲਦੀ ਤੋਂ ਜਲਦੀ ਹੈਦਰਾਬਾਦ ਲਿਜਾਣ ਲਈ ਵਿਕਲਪਿਕ ਪ੍ਰਬੰਧ ਕੀਤੇ।" ਦੋਵਾਂ ਏਅਰਲਾਈਨਾਂ ਨੇ ਕਿਹਾ ਕਿ ਸਬੰਧਤ ਅਧਿਕਾਰੀਆਂ ਨੂੰ ਘਟਨਾ ਬਾਰੇ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਜਾਂਚ ਚੱਲ ਰਹੀ ਹੈ। ਪਿਛਲੇ ਹਫ਼ਤੇ ਕੋਲਕਾਤਾ ਦੇ ਨੇਤਾਜੀ ਸੁਭਾਸ਼ ਚੰਦਰ ਬੋਸ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਇਸੇ ਤਰ੍ਹਾਂ ਦੀ ਇੱਕ ਘਟਨਾ ਵਿੱਚ ਇੱਕ ਵਾਹਨ ਬੇਅ ਏਰੀਆ ਵਿੱਚ ਖੜ੍ਹੇ ਇੱਕ ਇੰਡੀਗੋ ਜਹਾਜ਼ ਨਾਲ ਟਕਰਾ ਗਿਆ। ਇੰਡੀਗੋ ਏਅਰਲਾਈਨਜ਼ ਦੇ ਅਨੁਸਾਰ ਵਾਹਨ ਇੱਕ ਤੀਜੀ ਧਿਰ ਦਾ ਸੀ ਅਤੇ ਉਸ 'ਚ ਕੋਈ ਡਰਾਈਵਰ ਨਹੀਂ ਸੀ। ਵਾਹਨ ਅਚਾਨਕ ਅੱਗੇ ਵਧਿਆ ਅਤੇ ਬੇਅ ਏਰੀਆ ਵਿੱਚ ਖੜ੍ਹੇ ਜਹਾਜ਼ ਨਾਲ ਟਕਰਾ ਗਿਆ। ਇੰਡੀਗੋ ਨੇ ਸੁਰੱਖਿਆ ਕਾਰਨਾਂ ਕਰਕੇ ਤੁਰੰਤ ਜਹਾਜ਼ ਨੂੰ ਸੇਵਾ ਤੋਂ ਹਟਾ ਦਿੱਤਾ।







## ਪੰਜਾਬ ਦੇ ਹੱਕਾਂ 'ਤੇ ਇੱਕ ਹੋਰ ਡਾਕਾ ! BBMB 'ਚ ਰਾਜਸਥਾਨ ਤੇ ਹਿਮਾਚਲ ਨੂੰ ਸਥਾਈ ਮੈਂਬਰਸ਼ਿਪ ਦੇਣ ਦੀ ਤਿਆਰੀ - ਸੂਤਰ

**ਨਵੀਂ ਦਿੱਲੀ, 16 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕੇਂਦਰ ਸਰਕਾਰ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ 'ਚ ਰਾਜਸਥਾਨ ਅਤੇ ਹਿਮਾਚਲ ਪ੍ਰਦੇਸ਼ ਨੂੰ ਸਥਾਈ ਮੈਂਬਰ ਬਣਾਉਣ ਲਈ ਪ੍ਰਕਿਰਿਆ ਨੂੰ ਅੰਤਿਮ ਛੋਹਾਂ ਦਿੱਤੀਆਂ ਹਨ। ਕੇਂਦਰ ਸਰਕਾਰ ਬੀਬੀਐੱਮਬੀ 'ਚ ਸਥਾਈ ਮੈਂਬਰਾਂ ਦੀ ਗਿਣਤੀ ਵਧਾਉਣ ਲਈ 'ਪੰਜਾਬ ਪੁਨਰਗਠਨ ਐਕਟ-1966' ਦੀ ਧਾਰਾ 79 (2) (ਏ) 'ਚ ਸੋਧ ਕਰੇਗੀ। ਸੂਤਰਾਂ ਦੇ ਹਵਾਲੇ ਤੋਂ ਇਹ ਜਾਣਕਾਰੀ ਹਾਸਿਲ ਹੋਈ ਹੈ। ਸੂਤਰਾਂ ਮੁਤਾਬਿਕ ਕੇਂਦਰੀ ਬਿਜਲੀ ਮੰਤਰਾਲੇ ਨੂੰ ਭਾਈਵਾਲ ਸੂਬਿਆਂ ਤੋਂ ਸਥਾਈ ਮੈਂਬਰਾਂ ਦੀ ਗਿਣਤੀ ਦੋ ਤੋਂ ਵਧਾ ਕੇ ਚਾਰ ਕਰਨ ਲਈ ਸੁਝਾਅ ਪ੍ਰਾਪਤ ਹੋਏ ਹਨ। ਹਾਲਾਂਕਿ ਪੰਜਾਬ ਸਰਕਾਰ ਵੱਲੋਂ ਇਸਦਾ ਵਿਰੋਧ ਕੀਤਾ ਜਾ ਰਿਹਾ ਹੈ। ਸੂਤਰਾਂ ਦਾ ਇਹ ਵੀ ਕਹਿਣਾ ਹੈ ਕਿ ਕੇਂਦਰੀ ਬਿਜਲੀ ਮੰਤਰਾਲਾ ਜਲਦ ਹੀ ਪਾਰਲੀਮੈਂਟ 'ਚ ਰਾਜਸਥਾਨ ਤੇ ਹਿਮਾਚਲ ਪ੍ਰਦੇਸ਼ ਨੂੰ ਸਥਾਈ ਮੈਂਬਰਾਂ ਵਜੋਂ ਬੀਬੀਐੱਮਬੀ 'ਚ ਸ਼ਾਮਲ ਕਰਨ ਲਈ ਸੋਧ ਬਿੱਲ ਲੈ ਕੇ ਆਵੇਗਾ। ਮੰਤਰਾਲੇ ਨੇ ਇਸ ਤੋਂ ਪਹਿਲਾਂ 13 ਅਪ੍ਰੈਲ ਨੂੰ ਨੋਟੀਫ਼ਿਕੇਸ਼ਨ ਜਾਰੀ ਕਰ ਕੇ ਪੰਜਾਬ ਅਤੇ ਹਰਿਆਣਾ ਤੋਂ ਬੀਬੀਐੱਮਬੀ 'ਚ ਸਥਾਈ ਮੈਂਬਰੀ ਖੋਹ ਲਈ ਹੈ। ਹੁਣ ਪੰਜਾਬ ਦੇ ਵੁੱਕਤ ਘਟਾਉਣ ਲਈ ਨਵੇਂ ਮੈਂਬਰਾਂ ਵਜੋਂ ਹਿਮਾਚਲ ਪ੍ਰਦੇਸ਼ ਤੇ ਰਾਜਸਥਾਨ ਨੂੰ ਸ਼ਾਮਲ ਕਰਨ ਦੀ ਪ੍ਰਕਿਰਿਆ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ।

## ਇਜ਼ਰਾਈਲ-ਲੇਬਨਾਨ ਜੰਗ 'ਤੇ ਲੱਗੀ ਬ੍ਰੇਕ ! ਡੋਨਾਲਡ ਟਰੰਪ ਦਾ ਵੱਡਾ ਦਾਅਵਾ, 10 ਦਿਨਾਂ ਲਈ ਰੁਕੇਗੀ ਜੰਗ

**ਵਾਸ਼ਿੰਗਟਨ, 16 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਮੱਧ ਪੂਰਬ ਵਿੱਚ ਸ਼ਾਂਤੀ ਸਥਾਪਿਤ ਕਰਨ ਦੀ ਦਿਸ਼ਾ ਵਿੱਚ ਇੱਕ ਇਤਿਹਾਸਕ ਪ੍ਰਾਪਤੀ ਦਾ ਦਾਅਵਾ ਕੀਤਾ ਹੈ। ਉਨ੍ਹਾਂ ਨੇ ਸੋਸ਼ਲ ਮੀਡੀਆ 'ਤੇ ਪੋਸਟ ਕਰ ਐਲਾਨ ਕੀਤਾ ਕਿ ਇਜ਼ਰਾਈਲ ਤੇ ਲੇਬਨਾਨ ਵਿਚਾਲੇ ਚੱਲ ਰਹੀ ਜੰਗ ਨੂੰ ਰੋਕਣ ਲਈ ਦੋਵਾਂ ਦੇਸ਼ਾਂ ਨੇ 10 ਦਿਨਾਂ ਦੀ ਜੰਗਬੰਦੀ 'ਤੇ ਸਹਿਮਤੀ ਜਤਾਈ ਹੈ। ਰਾਸ਼ਟਰਪਤੀ ਟਰੰਪ ਨੇ ਦੱਸਿਆ ਕਿ ਉਨ੍ਹਾਂ ਨੇ ਲੇਬਨਾਨ ਦੇ ਸਤਿਕਾਰਯੋਗ ਰਾਸ਼ਟਰਪਤੀ ਜੋਸਫ ਔਨ ਤੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨਾਲ ਬਹੁਤ ਸਕਾਰਾਤਮਕ ਗੱਲਬਾਤ ਕੀਤੀ ਹੈ। ਇਹ ਜੰਗਬੰਦੀ ਮੰਗਲਵਾਰ ਸ਼ਾਮ 5 ਵਜੇ ਤੋਂ ਲਾਗੂ ਹੋਵੇਗੀ। ਜ਼ਿਕਰਯੋਗ ਹੈ ਕਿ ਪਿਛਲੇ 34 ਸਾਲਾਂ ਵਿੱਚ ਇਹ ਪਹਿਲੀ ਵਾਰ ਹੈ ਕਿ ਦੋਵਾਂ ਦੇਸ਼ਾਂ ਦੇ ਨੁਮਾਇੰਦਿਆਂ ਨੇ ਵਾਸ਼ਿੰਗਟਨ ਡੀ.ਸੀ. ਵਿੱਚ ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਦੀ ਮੌਜੂਦਗੀ ਵਿੱਚ ਮੁਲਾਕਾਤ ਕੀਤੀ ਹੈ। ਟਰੰਪ ਨੇ ਇਸ ਮੁੱਦੇ ਦੇ ਸਥਾਈ ਹੱਲ ਲਈ ਉਪ ਰਾਸ਼ਟਰਪਤੀ ਜੇਡੀ ਵਾਂਸ, ਵਿਦੇਸ਼ ਮੰਤਰੀ ਮਾਰਕੋ ਰੂਬੀਓ ਅਤੇ ਜੁਆਇੰਟ ਚੀਫਸ ਆਫ ਸਟਾਫ ਦੇ ਚੇਅਰਮੈਨ ਡੈਨ ਰੇਜ਼ਿਨ ਕੇਨ ਨੂੰ ਵਿਸ਼ੇਸ਼ ਤੌਰ 'ਤੇ ਨਾਮਜ਼ਦ ਕੀਤਾ ਹੈ। ਇਹ ਟੀਮ ਇਜ਼ਰਾਈਲ ਅਤੇ ਲੇਬਨਾਨ ਨਾਲ ਮਿਲ ਕੇ ਇੱਕ ਅਜਿਹੀ ਸ਼ਾਂਤੀ ਸਥਾਪਿਤ ਕਰਨ ਲਈ ਕੰਮ ਕਰੇਗੀ ਜੋ ਲੰਬੇ ਸਮੇਂ ਤੱਕ ਕਾਇਮ ਰਹਿ ਸਕੇ। ਇਸ ਸਫਲਤਾ 'ਤੇ ਖੁਸ਼ੀ ਜ਼ਾਹਿਰ ਕਰਦਿਆਂ ਰਾਸ਼ਟਰਪਤੀ ਟਰੰਪ ਨੇ ਕਿਹਾ ਕਿ ਉਨ੍ਹਾਂ ਨੇ ਹੁਣ ਤੱਕ ਦੁਨੀਆ ਭਰ ਵਿੱਚ 9 ਜੰਗਾਂ ਦਾ ਹੱਲ ਕੱਢਿਆ ਹੈ ਅਤੇ ਇਹ ਉਨ੍ਹਾਂ ਦਾ 10ਵਾਂ ਵੱਡਾ ਮਿਸ਼ਨ ਹੋਵੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਇਸ ਸ਼ਾਂਤੀ ਪ੍ਰਕਿਰਿਆ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨਗੇ।



## ਭਾਰਤ ਨੂੰ ਰੂਸੀ ਅਤੇ ਈਰਾਨੀ ਤੇਲ 'ਤੇ ਨਹੀਂ ਮਿਲੇਗੀ ਛੋਟ, ਹੋਰਮੁਜ਼ ਨਾਕਾਬੰਦੀ ਵਿਚਾਲੇ ਅਮਰੀਕਾ ਦਾ ਐਲਾਨ

**ਵਾਸ਼ਿੰਗਟਨ, 16 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਨੇ ਰੂਸੀ ਅਤੇ ਈਰਾਨੀ ਤੇਲ ਨੂੰ ਲੈ ਕੇ ਵੱਡਾ ਐਲਾਨ ਕੀਤਾ ਹੈ। ਅਮਰੀਕਾ ਨੇ ਕਿਹਾ ਕਿ ਉਹ ਰੂਸੀ ਅਤੇ ਈਰਾਨੀ ਤੇਲ ਖਰੀਦਣ ਲਈ ਦਿੱਤੀ ਗਈ ਛੋਟ ਨੂੰ ਨਹੀਂ ਵਧਾਏਗਾ। ਅਮਰੀਕੀ ਖਜ਼ਾਨਾ ਸਕੱਤਰ ਸਕਾਟ ਬੇਸੈਂਟ ਨੇ ਵ੍ਹਾਈਟ ਹਾਊਸ ਦੀ ਪ੍ਰੈਸ ਬ੍ਰੀਫਿੰਗ ਵਿੱਚ ਇਸਦਾ ਐਲਾਨ ਕੀਤਾ। ਭਾਰਤ ਇਸ ਛੋਟ ਦਾ ਇੱਕ ਵੱਡਾ ਲਾਭਪਾਤਰੀ ਸੀ। ਈਰਾਨ ਯੁੱਧ ਸ਼ੁਰੂ ਹੋਣ ਤੋਂ ਬਾਅਦ, ਅਮਰੀਕਾ ਨੇ ਹੋਰਮੁਜ਼ ਸੰਕਟ ਕਾਰਨ ਵਿਸ਼ਵਵਿਆਪੀ ਸਪਲਾਈ ਵਿੱਚ ਰੁਕਾਵਟਾਂ ਨੂੰ ਘਟਾਉਣ ਲਈ ਸਮੁੰਦਰ ਵਿੱਚ ਪਹਿਲਾਂ ਤੋਂ ਮੌਜੂਦ ਰੂਸੀ ਅਤੇ ਈਰਾਨੀ ਤੇਲ ਖਰੀਦਣ ਲਈ ਛੋਟ ਦਿੱਤੀ। ਬੇਸੈਂਟ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਰੂਸੀ ਅਤੇ ਈਰਾਨੀ ਤੇਲ ਲਈ ਲਾਇਸੈਂਸਾਂ ਦਾ ਨਵੀਨੀਕਰਨ ਨਹੀਂ ਕੀਤਾ ਜਾਵੇਗਾ, ਉਨ੍ਹਾਂ ਕਿਹਾ ਕਿ ਸਮੁੰਦਰ ਵਿੱਚ ਪਹਿਲਾਂ ਤੋਂ ਮੌਜੂਦ ਤੇਲ ਦੀ ਵਰਤੋਂ ਕੀਤੀ ਜਾ ਚੁੱਕੀ ਹੈ। 5 ਮਾਰਚ ਨੂੰ, ਅਮਰੀਕਾ ਨੇ ਭਾਰਤ ਨੂੰ 30 ਦਿਨਾਂ ਦੀ ਪਾਬੰਦੀਆਂ ਦੀ ਛੋਟ ਦਿੱਤੀ, ਜਿਸ ਨਾਲ ਉਹ ਯੂਕਰੇਨ ਯੁੱਧ 'ਤੇ ਲਗਾਈਆਂ ਗਈਆਂ ਪਾਬੰਦੀਆਂ ਦੇ ਬਾਵਜੂਦ ਰੂਸੀ ਤੇਲ ਖਰੀਦ ਸਕਦਾ ਹੈ। ਕੁਝ ਦਿਨਾਂ ਬਾਅਦ, ਇਸ ਛੋਟ ਨੂੰ ਕੁਝ ਹੋਰ ਦੇਸ਼ਾਂ ਲਈ ਵਧਾ ਦਿੱਤਾ ਗਿਆ ਸੀ, ਪਰ ਇਹ ਛੋਟ 11 ਅਪ੍ਰੈਲ ਨੂੰ ਖਤਮ ਹੋ ਗਈ। ਭਾਰਤ ਪਾਬੰਦੀਆਂ ਦੀ ਛੋਟ ਦਾ ਇੱਕ ਮੁੱਖ ਲਾਭਪਾਤਰੀ ਸੀ। ਰਿਪੋਰਟਾਂ ਦੇ ਅਨੁਸਾਰ, ਭਾਰਤ ਨੇ ਪਾਬੰਦੀਆਂ ਦੀ ਛੋਟ ਤੋਂ ਬਾਅਦ ਰੂਸ ਤੋਂ 30 ਮਿਲੀਅਨ ਬੈਰਲ ਤੇਲ ਦਾ ਆਰਡਰ ਦਿੱਤਾ ਸੀ। ਅਮਰੀਕੀ ਸਿਆਸਤਦਾਨਾਂ ਨੇ ਰੂਸੀ ਅਤੇ ਈਰਾਨੀ ਤੇਲ 'ਤੇ ਛੋਟ ਦੀ ਆਲੋਚਨਾ ਕੀਤੀ, ਇਹ ਦਲੀਲ ਦਿੱਤੀ ਕਿ ਇਹ ਮਾਸਕੋ ਅਤੇ ਤਹਿਰਾਨ 'ਤੇ ਵਿੱਤੀ ਦਬਾਅ ਨੂੰ ਘੱਟ ਕਰ ਰਿਹਾ ਹੈ। 12 ਮਾਰਚ ਨੂੰ, ਅਮਰੀਕੀ ਖਜ਼ਾਨਾ ਵਿਭਾਗ ਨੇ ਭਾਰਤੀ ਰਿਫਾਇਨਰੀਆਂ ਨੂੰ ਰੂਸੀ ਤੇਲ ਖਰੀਦਣ ਦੀ ਆਗਿਆ ਦੇਣ ਲਈ 30 ਦਿਨਾਂ ਦੀ ਛੋਟ ਜਾਰੀ ਕੀਤੀ। ਇਸਦਾ ਉਦੇਸ਼ ਮੱਧ ਪੂਰਬ ਵਿੱਚ ਵਧ ਰਹੇ ਤਣਾਅ ਦੇ ਵਿਚਕਾਰ ਵਿਸ਼ਵ ਊਰਜਾ ਬਾਜ਼ਾਰਾਂ ਨੂੰ ਸਥਿਰ ਕਰਨਾ ਸੀ। ਇਸਦਾ ਐਲਾਨ ਕਰਦੇ ਹੋਏ, ਬੇਸੈਂਟ ਨੇ ਕਿਹਾ, "ਵਿਸ਼ਵ ਬਾਜ਼ਾਰ ਨੂੰ ਤੇਲ ਦੀ ਸਪਲਾਈ ਜਾਰੀ ਰੱਖਣ ਨੂੰ ਯਕੀਨੀ ਬਣਾਉਣ ਲਈ, ਖਜ਼ਾਨਾ ਵਿਭਾਗ ਭਾਰਤੀ ਰਿਫਾਇਨਰਾਂ ਨੂੰ ਰੂਸੀ ਤੇਲ ਖਰੀਦਣ ਦੀ ਆਗਿਆ ਦੇਣ ਲਈ 30 ਦਿਨਾਂ ਦੀ ਅਸਥਾਈ ਛੋਟ ਜਾਰੀ ਕਰ ਰਿਹਾ ਹੈ।" ਬੇਸੈਂਟ ਨੇ ਕਿਹਾ ਕਿ ਇਹ ਕਦਮ ਰੂਸੀ ਸਰਕਾਰ ਨੂੰ ਕੋਈ ਮਹੱਤਵਪੂਰਨ ਵਿੱਤੀ ਲਾਭ ਪ੍ਰਦਾਨ ਨਹੀਂ ਕਰੇਗਾ, ਕਿਉਂਕਿ ਇਹ ਛੋਟ ਸਿਰਫ਼ ਸਮੁੰਦਰ ਵਿੱਚ ਪਹਿਲਾਂ ਹੀ ਫਸੇ ਹੋਏ ਤੇਲ 'ਤੇ ਲਾਗੂ ਹੁੰਦੀ ਹੈ। ਵਾਸ਼ਿੰਗਟਨ ਨੇ ਬਾਅਦ ਵਿੱਚ ਇੱਕ ਹੋਰ 30 ਦਿਨਾਂ ਦੇ ਲਾਇਸੈਂਸ ਦਾ ਐਲਾਨ ਕੀਤਾ, ਜਿਸ ਨਾਲ ਦੇਸ਼ਾਂ ਨੂੰ ਈਰਾਨੀ ਤੇਲ ਖਰੀਦਣ ਦੀ ਆਗਿਆ ਮਿਲੀ। ਰੂਸੀ ਤੇਲ 'ਤੇ ਛੋਟ 11 ਅਪ੍ਰੈਲ ਨੂੰ ਖਤਮ ਹੋ ਗਈ, ਜਦੋਂ ਕਿ ਈਰਾਨੀ ਤੇਲ 'ਤੇ ਛੋਟ 19 ਅਪ੍ਰੈਲ ਨੂੰ ਖਤਮ ਹੋ ਜਾਵੇਗੀ।



## 100 ਸਿਲੰਡਰ ਫਟੇ, 1200 ਆਸ਼ਿਆਨੇ ਸੜ ਕੇ ਸੁਆਹ, ਕੰਬ ਗਿਆ ਪੂਰਾ ਇਲਾਕਾ

**ਲਖਨਊ, 16 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਵਿਕਾਸ ਨਗਰ ਸੈਕਟਰ 12 ਵਿੱਚ ਰਿੰਗ ਰੋਡ ਦੇ ਨਾਲ ਸਥਿਤ ਇੱਕ ਝੁੱਗੀ ਵਿੱਚ ਬੁੱਧਵਾਰ ਸ਼ਾਮ ਨੂੰ ਭਿਆਨਕ ਅੱਗ ਲੱਗ ਗਈ। ਅੱਗ ਨੇ ਤੇਜ਼ੀ ਨਾਲ ਪੂਰੇ ਇਲਾਕੇ ਨੂੰ ਆਪਣੀ ਲਪੇਟ ਵਿੱਚ ਲੈ ਲਿਆ, ਜਿਸ ਨਾਲ ਲਗਭਗ 1,200 ਝੌਂਪੜੀਆਂ ਸੜ ਗਈਆਂ। ਲਗਭਗ ਤਿੰਨ ਏਕੜ ਵਿੱਚ ਫੈਲੀ ਇਸ ਗੈਰ-ਕਾਨੂੰਨੀ ਝੁੱਗੀ ਵਿੱਚ 200 ਤੋਂ ਵੱਧ ਪਰਿਵਾਰ ਰਹਿੰਦੇ ਸਨ। ਸੂਚਨਾ ਮਿਲਣ 'ਤੇ, 22 ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੌਕੇ 'ਤੇ ਪਹੁੰਚੀਆਂ, ਅਤੇ ਅੱਗ 'ਤੇ ਕਾਬੂ ਪਾਉਣ ਦੀਆਂ ਕੋਸ਼ਿਸ਼ਾਂ ਰਾਤ 10 ਵਜੇ ਤੱਕ ਜਾਰੀ ਰਹੀਆਂ। ਅੱਗ ਇੰਨੀ ਤੇਜ਼ੀ ਨਾਲ ਫੈਲ ਗਈ ਕਿ ਝੁੱਗੀ ਬਸਤੀ ਵਿੱਚ ਸਟੋਰ ਕੀਤੇ ਲਗਭਗ 100 ਐਲਪੀਜੀ ਸਿਲੰਡਰ ਪਟਾਕਿਆਂ ਵਾਂਗ ਫਟ ਗਏ। ਇਨ੍ਹਾਂ ਧਮਾਕਿਆਂ ਨੇ ਪੂਰੇ ਖੇਤਰ ਨੂੰ ਹਿਲਾ ਕੇ ਰੱਖ ਦਿੱਤਾ, ਜਿਸ ਨਾਲ ਦੂਰ-ਦੂਰ ਤੱਕ ਕਾਲਾ ਧੂੰਆਂ ਫੈਲ ਗਿਆ। ਸ਼ੁਰੂ ਵਿੱਚ ਅੱਗ ਬਸਤੀ ਵਿੱਚ ਇੱਕ ਮਸਜਿਦ ਵਰਗੀ ਬਣਤਰ ਵਿੱਚ ਲੱਗੀ ਦੱਸੀ ਜਾ ਰਹੀ ਹੈ। ਸਿਲੰਡਰਾਂ ਦੇ ਫਟਣ ਅਤੇ ਤੇਜ਼ ਹਵਾਵਾਂ ਕਾਰਨ ਅੱਗ ਨੇ ਪੂਰੇ ਖੇਤਰ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਘਟਨਾ ਸਮੇਂ ਲੋਕ ਘਬਰਾ ਗਏ ਅਤੇ ਨੇੜਲੇ 30 ਘਰਾਂ ਨੂੰ ਖਾਲੀ ਕਰਵਾ ਲਿਆ ਗਿਆ। ਰਿੰਗ ਰੋਡ 'ਤੇ ਵੀ ਕਈ ਘੰਟਿਆਂ ਤੱਕ ਆਵਾਜਾਈ ਠੱਪ ਰਹੀ। ਪ੍ਰਸ਼ਾਸਨਿਕ ਅਧਿਕਾਰੀਆਂ ਦੇ ਅਨੁਸਾਰ, ਹਾਦਸੇ ਵਿੱਚ ਕੋਈ ਵੀ ਜਾਨੀ ਨੁਕਸਾਨ ਨਹੀਂ ਹੋਇਆ। ਹਾਲਾਂਕਿ, ਕੁਝ ਬੱਚੇ ਲਾਪਤਾ ਦੱਸੇ ਜਾ ਰਹੇ ਹਨ, ਅਤੇ ਭਾਲ ਜਾਰੀ ਹੈ। ਸ਼ੁਰੂਆਤੀ ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਲਗਭਗ 50 ਜਾਨਵਰ ਵੀ ਸੜ ਗਏ ਸਨ, ਪਰ ਇਸਦੀ ਅਧਿਕਾਰਤ ਤੌਰ 'ਤੇ ਪੁਸ਼ਟੀ ਨਹੀਂ ਹੋਈ ਹੈ। ਉਪ ਮੁੱਖ ਮੰਤਰੀ ਬ੍ਰਿਜੇਸ਼ ਪਾਠਕ ਨੇ ਘਟਨਾ ਸਥਾਨ ਦਾ ਨਿਰੀਖਣ ਕੀਤਾ ਅਤੇ ਉੱਚ ਪੱਧਰੀ ਜਾਂਚ ਦੇ ਆਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪ੍ਰਭਾਵਿਤ ਪਰਿਵਾਰਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਡਾਕਟਰੀ ਸਹੂਲਤਾਂ, ਅਸਥਾਈ ਆਸਰਾ, ਅਤੇ ਭੋਜਨ ਅਤੇ ਪਾਣੀ ਦਾ ਪ੍ਰਬੰਧ ਕੀਤਾ ਜਾਵੇ। ਜ਼ਿਲ੍ਹਾ ਮੈਜਿਸਟ੍ਰੇਟ ਵਿਸ਼ਾਖ ਨੇ ਵੀ ਘਟਨਾ ਸਥਾਨ ਦਾ ਨਿਰੀਖਣ ਕੀਤਾ ਅਤੇ ਅੱਗ ਲੱਗਣ ਦੇ ਕਾਰਨਾਂ ਦੀ ਜਾਂਚ ਕਰਨ ਲਈ ਮੁੱਖ ਫਾਇਰ ਅਫਸਰ ਨੂੰ ਨਿਯੁਕਤ ਕੀਤਾ। ਪੁਲਸ ਕਮਿਸ਼ਨਰ, ਐੱਸ. ਡੀ. ਆਰ. ਐੱਫ. ਅਤੇ ਹੋਰ ਰਾਹਤ ਟੀਮਾਂ ਨੂੰ ਵੀ ਤੁਰੰਤ ਸਰਗਰਮ ਕਰ ਦਿੱਤਾ ਗਿਆ। ਲਗਭਗ 250 ਪ੍ਰਭਾਵਿਤ ਲੋਕਾਂ ਨੂੰ ਨੇੜਲੇ ਪਾਰਕ ਵਿੱਚ ਨਗਰ ਨਿਗਮ ਦੇ ਰਾਤ ਦੇ ਆਸਰਾ ਸਥਾਨ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਪੁਲਸ ਅਤੇ ਮਾਲੀਆ ਟੀਮਾਂ ਰਾਹਤ ਅਤੇ ਸਹਾਇਤਾ ਕਾਰਜ ਜਾਰੀ ਰੱਖ ਰਹੀਆਂ ਹਨ। ਅੱਗ ਲੱਗਣ ਦਾ ਕਾਰਨ ਅਜੇ ਵੀ ਸਪੱਸ਼ਟ ਨਹੀਂ ਹੈ। ਮੁੱਖ ਫਾਇਰ ਅਫਸਰ ਜਾਂਚ ਕਰ ਰਹੇ ਹਨ। ਸਥਾਨਕ ਨਿਵਾਸੀਆਂ ਨੇ ਫਾਇਰ ਬ੍ਰਿਗੇਡ ਅਤੇ ਪੁਲਸ 'ਤੇ ਉਨ੍ਹਾਂ ਨੂੰ ਸੂਚਿਤ ਕਰਨ ਵਿੱਚ ਦੇਰੀ ਕਰਨ ਦਾ ਦੋਸ਼ ਵੀ ਲਗਾਇਆ ਹੈ। ਹਾਲਾਂਕਿ, ਪ੍ਰਸ਼ਾਸਨ ਦਾ ਦਾਅਵਾ ਹੈ ਕਿ ਇਹ ਹਾਦਸਾ ਸਿਲੰਡਰ ਫਟਣ ਕਾਰਨ ਹੋਇਆ। ਪ੍ਰਸ਼ਾਸਨ ਨੇ ਪ੍ਰਭਾਵਿਤ ਪਰਿਵਾਰਾਂ ਨੂੰ ਤੁਰੰਤ ਸਹਾਇਤਾ ਦਾ ਭਰੋਸਾ ਦਿੱਤਾ ਹੈ। ਜਾਂਚ ਪੂਰੀ ਹੋਣ ਤੋਂ ਬਾਅਦ ਹੋਰ ਜਾਣਕਾਰੀ ਦਿੱਤੀ ਜਾਵੇਗੀ। ਇਹ ਘਟਨਾ ਇੱਕ ਵਾਰ ਫਿਰ ਲਖਨਊ ਦੀਆਂ ਝੁੱਗੀਆਂ ਵਿੱਚ ਸੁਰੱਖਿਆ ਮਾਪਦੰਡਾਂ ਦੀ ਘਾਟ ਨੂੰ ਉਜਾਗਰ ਕਰਦੀ ਹੈ। ਫਾਇਰ ਸਰਵਿਸਿਜ਼ ਦੇ ਡਾਇਰੈਕਟਰ ਜਨਰਲ, ਸੁਜੀਤ ਪਾਂਡੇ ਨੇ ਕਿਹਾ ਕਿ ਅੱਗ 'ਤੇ ਕਾਬੂ ਪਾ ਲਿਆ ਗਿਆ ਹੈ ਅਤੇ ਇਸਨੂੰ ਝੁੱਗੀ ਦੇ ਨਾਲ ਲੱਗਦੇ ਰਿਹਾਇਸ਼ੀ ਖੇਤਰਾਂ ਵਿੱਚ ਫੈਲਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਅੱਗ ਦੇ ਵਿਚਕਾਰ ਇੱਕ ਸਿਲੰਡਰ ਦੀ ਮੌਜੂਦਗੀ ਨੇ ਫਾਇਰਫਾਈਟਰਾਂ ਲਈ ਇੱਕ ਮਾਮੂਲੀ ਚੁਣੌਤੀ ਖੜ੍ਹੀ ਕਰ ਦਿੱਤੀ।



## ਸ਼੍ਰੋਮਣੀ ਕਮੇਟੀ ਮੁਲਾਜ਼ਮ ਨੇ ਵਿਖਾਈ ਇਮਾਨਦਾਰੀ, ਸ਼ਰਧਾਲੂ ਦਾ 20 ਲੱਖ ਨਕਦੀ ਤੇ ਪਾਸਪੋਰਟਾਂ ਵਾਲਾ ਬੈਗ ਮੋੜਿਆ



**ਅੰਮ੍ਰਿਤਸਰ, 16 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸੱਚਖੰਡ ਸ੍ਰੀ ਹਰਮੰਦਰ ਸਾਹਿਬ ਵਿਖੇ ਤਾਇਨਾਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੁਰੱਖਿਆ ਦਸਤੇ ਨੇ ਇਮਾਨਦਾਰੀ ਦੀ ਮਿਸਾਲ ਪੇਸ਼ ਕਰਦਿਆਂ ਇੱਕ ਪ੍ਰਵਾਸੀ ਭਾਰਤੀ ਸਿੱਖ ਪਰਿਵਾਰ ਦਾ ਗੁੰਮ ਹੋਇਆ ਕੀਮਤੀ ਬੈਗ ਸੁਰੱਖਿਅਤ ਵਾਪਸ ਕਰ ਦਿੱਤਾ ਹੈ। ਇਸ ਬੈਗ ਵਿੱਚ ਇੰਗਲੈਂਡ ਦੀ ਕਰੰਸੀ (ਜਿਸਦੀ ਕੀਮਤ ਭਾਰਤੀ ਰੁਪਏ ਅਨੁਸਾਰ ਲਗਭਗ 20 ਲੱਖ ਰੁਪਏ ਬਣਦੀ ਹੈ), ਇੱਕ ਭਾਰਤੀ ਪਾਸਪੋਰਟ ਅਤੇ ਦੋ ਅਮਰੀਕੀ ਪਾਸਪੋਰਟ ਮੌਜੂਦ ਸਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ.ਜੀ.ਪੀ.ਸੀ. ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸੋਧੀ ਸਿੰਘ ਨਾਮੀ ਸ਼ਰਧਾਲੂ, ਜੋ ਵਿਦੇਸ਼ ਤੋਂ ਨਤਮਸਤਕ ਹੋਣ ਆਏ ਸਨ, ਆਪਣੀ ਫਲਾਈਟ ਦੀ ਜਲਦਬਾਜ਼ੀ ਵਿੱਚ ਇਹ ਬੈਗ ਕਿਤੇ ਰੱਖ ਕੇ ਭੁੱਲ ਗਏ ਸਨ। ਜਦੋਂ ਉਨ੍ਹਾਂ ਨੇ ਇਸ ਦੀ ਸ਼ਿਕਾਇਤ ਕੀਤੀ, ਤਾਂ ਸ੍ਰੀ ਹਰਮੰਦਰ ਸਾਹਿਬ ਦੀ ਪੰਜ ਮੈਂਬਰੀ ਸੁਰੱਖਿਆ ਟੀਮ ਨੇ ਮੁਸਤੈਦੀ ਦਿਖਾਉਂਦੇ ਹੋਏ ਤੁਰੰਤ ਕਾਰਵਾਈ ਕੀਤੀ ਅਤੇ ਸਾਰਾ ਸਾਮਾਨ ਬਰਾਮਦ ਕਰਕੇ ਅਸਲ ਮਾਲਕ ਦੇ ਹਵਾਲੇ ਕਰ ਦਿੱਤਾ। ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਲਾਜ਼ਮਾਂ ਦੀ ਜ਼ਿੰਮੇਵਾਰੀ ਹੁਣ ਹੋਰ ਵੀ ਵੱਧ ਗਈ ਹੈ ਕਿਉਂਕਿ ਉਨ੍ਹਾਂ ਨੇ ਸੰਗਤ ਦਾ ਵਿਸ਼ਵਾਸ ਜਿੱਤਿਆ ਹੈ। ਵੀਡੀਓ ਸਟ੍ਰੀਮਿੰਗ ਸੇਵਾ ਗਰਮੀ ਦੇ ਮੌਸਮ ਅਤੇ ਸੰਗਤ ਦੇ ਭਾਰੀ ਇਕੱਠ ਨੂੰ ਮੁੱਖ ਰੱਖਦਿਆਂ, ਪ੍ਰਧਾਨ ਧਾਮੀ ਨੇ ਸੇਵਾਦਾਰਾਂ ਨੂੰ ਹਦਾਇਤ ਕੀਤੀ ਕਿ ਛੋਟੇ ਬੱਚਿਆਂ ਵਾਲੀਆਂ ਮਾਵਾਂ, ਬਜ਼ੁਰਗਾਂ ਅਤੇ ਅਪਾਹਜਾਂ ਲਈ ਵੱਖਰੀ ਕਤਾਰ ਦਾ ਪ੍ਰਬੰਧ ਕੀਤਾ ਜਾਵੇ ਤਾਂ ਜੋ ਉਨ੍ਹਾਂ ਨੂੰ ਲੰਬੀਆਂ ਲਾਈਨਾਂ ਵਿੱਚ ਪਰੇਸ਼ਾਨ ਨਾ ਹੋਣਾ ਪਵੇ। ਉਨ੍ਹਾਂ ਸੰਗਤ ਨੂੰ ਵੀ ਅਪੀਲ ਕੀਤੀ ਕਿ ਜੇਕਰ ਪਰਿਵਾਰ ਵੱਡਾ ਹੈ, ਤਾਂ ਬੱਚਿਆਂ ਵਾਲੇ ਜੀਅ ਛੋਟੀ ਲਾਈਨ ਰਾਹੀਂ ਜਾਣ ਅਤੇ ਬਾਕੀ ਪਰਿਵਾਰ ਆਮ ਮਰਯਾਦਾ ਅਨੁਸਾਰ ਸਹਿਯੋਗ ਕਰੇ। ਉਨ੍ਹਾਂ ਕਿਹਾ ਕਿ ਗੁਰੂ ਘਰ ਆਉਣ ਵਾਲੀ ਸੰਗਤ ਦੀ ਸਹੂਲਤ ਅਤੇ ਸੁਰੱਖਿਆ ਸ਼੍ਰੋਮਣੀ ਕਮੇਟੀ ਦੀ ਮੁੱਖ ਤਰਜੀਹ ਹੈ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਅਵਤਾਰ ਪੁਰਬ

☛ ਜੋੜ ਮੇਲਾ ਗੁਰੂ ਕੀ ਕਾਸ਼ੀ ਦਮਦਮਾ ਸਾਹਿਬ ਜੀ। ☛ 13 ਅਪ੍ਰੈਲ 1978 ਨਕਲੀ ਨਿਰੰਕਾਰੀ ਕਾਂਡ 13 ਸਿੰਘਾਂ ਦੀ ਸ਼ਹੀਦੀ ਦਿਹਾੜਾ ☛ ਅਵਤਾਰ ਪੁਰਬ : ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼ੁੱਕਰਵਾਰ 17 ਅਪ੍ਰੈਲ ਸਵੇਰੇ 10:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ ਅਤੇ 19 ਅਪ੍ਰੈਲ ਐਤਵਾਰ ਸਵੇਰੇ 10: 00 ਵਜੇ ਭੋਗ ਪੈਣਗੇ ਉਪਰੰਤ ਦੀਵਾਨ ਸਜਣਗੇ।

☛ ਸ਼ਨਿੱਚਰਵਾਰ 18 ਅਪ੍ਰੈਲ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। ☛ ਐਤਵਾਰ 19 ਅਪ੍ਰੈਲ 2026 ਨੂੰ 6:30 ਵਜੇ ਸਵੇਰ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਬੀਬੀ ਮਨਕਰਨ ਕੌਰ ਦਾ ਜਥਾ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

---

ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

---


# ਆਵਾਜ਼ਿ ਕੌਮ

Daily Newspaper from U.K.

Publisher/Chief Editor

***Raghbir Singh Walsal***

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

**1 ਨਵੰਬਰ 2026, ਦਿਨ ਐਤਵਾਰ ਨੂੰ**

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਵਾਲਮੀਕੀ ਭਵਨ ਭਾਈਚਾਰੇ ਨੂੰ

# ਵੱਡੀ ਸੁਵਿਧਾ ਪ੍ਰਦਾਨ ਕਰਨਗੇ - ਹਰਦੀਪ ਗਿੱਲ








**ਜੰਡਿਆਲਾ ਗੁਰੂ/ਨਵੀਂ ਦਿੱਲੀ/ਇੰਦੌਰ 16 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਸ਼ਤਾਬਦੀ ਸਮਾਗਮਾਂ ਨੂੰ ਸਮਰਪਿਤ ਮੱਧ ਪ੍ਰਦੇਸ਼ ਦੇ ਇੰਦੌਰ ਵਿਖੇ ਰਾਸ਼ਟਰੀ ਸਫਾਈ ਕਰਮਚਾਰੀ ਕਮਿਸ਼ਨ ਦੇ ਉਪ ਚੇਅਰਮੈਨ ਹਰਦੀਪ ਸਿੰਘ ਗਿੱਲ ਵੱਲੋਂ ਤਿੰਨ ਸ਼ਾਨਦਾਰ ਵਾਲਮੀਕੀ ਭਵਨਾਂ ਦਾ ਉਦਘਾਟਨ ਕੀਤਾ ਗਿਆ। ਇਹ ਭਵਨ ਨਗਰ ਨਿਗਮ ਵੱਲੋਂ ਗਾੜੀ ਅੱਡਾ, ਅਹੀਰ ਖੇੜੀ ਅਤੇ ਸਥਾਨਕ ਹਵਾਈ ਅੱਡੇ ਦੇ ਨਜ਼ਦੀਕੀ ਖੇਤਰਾਂ ਵਿੱਚ ਤਿਆਰ ਕਰਵਾਏ ਗਏ ਹਨ, ਜੋ ਕਿ ਵਾਲਮੀਕੀ ਭਾਈਚਾਰੇ ਲਈ ਇੱਕ ਵੱਡੀ ਸੁਵਿਧਾ ਸਾਬਤ ਹੋਣਗੇ।ਇਸ ਮੌਕੇ ਬੋਲਦਿਆਂ ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਇਹ ਭਵਨ ਸਮਾਜਕ ਏਕਤਾ ਅਤੇ ਭਾਈਚਾਰੇ ਦੀ ਤਰੱਕੀ ਵੱਲ ਇੱਕ ਮਹੱਤਵਪੂਰਨ ਕਦਮ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਮਹੀਨੇ ਨਗਰ ਨਿਗਮ ਅਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਹੋਈ ਮੀਟਿੰਗ ਦੌਰਾਨ ਉਨ੍ਹਾਂ ਵੱਲੋਂ ਇਹਨਾਂ ਪ੍ਰੋਜੈਕਟਾਂ ਨੂੰ ਜਲਦੀ ਮੁਕੰਮਲ ਕਰਨ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਸਨ, ਜਿਸ ਦੇ ਨਤੀਜੇ ਵਜੋਂ ਅੱਜ ਇਹ ਤਿੰਨੋ ਭਵਨ ਤਿਆਰ ਕਰਕੇ ਜਨਤਾ ਨੂੰ ਸਮਰਪਿਤ ਕਰ ਦਿੱਤੇ ਗਏ ਹਨ।ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਵਾਲਮੀਕੀ ਭਵਨ ਭਾਈਚਾਰੇ ਲਈ ਪੂਰੀ ਤਰ੍ਹਾਂ ਮੁਫ਼ਤ ਹੋਣਗੇ, ਇੱਥੇ ਭਾਈਚਾਰੇ ਨਾਲ ਸੰਬੰਧਿਤ ਕੋਈ ਵੀ ਵਿਅਕਤੀ ਆਪਣੇ ਵਿਆਹ, ਧਾਰਮਿਕ ਜਾਂ ਸਮਾਜਕ ਸਮਾਗਮ ਬਿਨਾ ਕਿਸੇ ਫੀਸ ਦੇ ਕਰ ਸਕੇਗਾ। ਇਸ ਨਾਲ ਪਰਿਵਾਰਾ ਤੇ ਨਾ ਸਿਰਫ਼ ਆਰਥਿਕ ਬੋਝ ਘਟੇਗਾ, ਸਗੋਂ ਸਮਾਜਿਕ ਅਤੇ ਸਾਂਝੇਪਣ ਦੀ ਭਾਵਨਾ ਵੀ ਮਜ਼ਬੂਤ ਹੋਵੇਗੀ। ਹਰਦੀਪ ਗਿੱਲ ਨੇ ਇਸ ਮੌਕੇ ਬਾਬਾ ਸਾਹਿਬ ਦੇ ਜੀਵਨ ਸੰਘਰਸ਼, ਸਮਾਜਿਕ ਨਿਆਂ ਲਈ ਉਨ੍ਹਾਂ ਦੀ ਲੜਾਈ ਅਤੇ ਸੰਵਿਧਾਨ ਨਿਰਮਾਣ ਵਿੱਚ ਉਨ੍ਹਾਂ ਦੇ ਯੋਗਦਾਨ ਬਾਰੇ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਦਾ ਦਰਸਾਇਆ ਰਾਹ ਅੱਜ ਵੀ ਸਾਨੂੰ ਸਮਾਨਤਾ ਅਤੇ ਨਿਆਂ ਵਾਲਾ ਸਮਾਜ ਬਣਾਉਣ ਲਈ ਪ੍ਰੇਰਿਤ ਕਰਦਾ ਹੈ।ਇਸ ਦੌਰਾਨ ਬਾਬਾ ਸਾਹਿਬ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਕੇ ਨਮਨ ਕੀਤਾ ਗਿਆ।ਹਰਦੀਪ ਸਿੰਘ ਗਿੱਲ ਨੇ ਇਸ ਮੌਕੇ 'ਤੇ ਕੇਂਦਰ ਸਰਕਾਰ ਦੀਆਂ ਨੀਤੀਆਂ ਦੀ ਵੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਾਲਮੀਕੀ ਭਾਈਚਾਰੇ ਦੀਆਂ ਸਮੱਸਿਆਵਾਂ ਨੂੰ ਲੈ ਕੇ ਸੰਵੇਦਨਸ਼ੀਲ ਹਨ ਅਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਕਈ ਕਦਮ ਚੁੱਕ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਹੈ ਕਿ ਸਮਾਜ ਦੇ ਹਰ ਵਰਗ ਨੂੰ ਸਮਾਨ ਮੌਕੇ ਅਤੇ ਸਨਮਾਨ ਮਿਲੇ।ਇਸ ਸਮਾਗਮ ਵਿੱਚ ਹੋਰ ਕਈ ਪ੍ਰਮੁੱਖ ਹਸਤੀਆਂ ਵੀ ਮੌਜੂਦ ਰਹੀਆਂ, ਜਿਨ੍ਹਾਂ ਵਿੱਚ ਮੱਧ ਪ੍ਰਦੇਸ਼ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਪ੍ਰਤਾਪ ਕੁਰੇਸ਼ੀਆ, ਵਿਧਾਇਕ ਰਾਕੇਸ਼ ਗੋਲੂ, ਕੌਂਸਲਰ ਦਿਨੇਸ਼ ਪਾਂਡੇ ਅਤੇ ਭਾਜਪਾ ਦੇ ਮਹਾਨਗਰ ਪ੍ਰਤੀਨਿਧੀ ਦਿਨੇਸ਼ ਕੁਮਾਰ ਸ਼ਾਮਲ ਸਨ। ਸਾਰੇ ਹੀ ਵਕਤਾਵਾਂ ਨੇ ਇਸ ਪਹਲ ਦੀ ਭਰਪੂਰ ਸਰਾਹਨਾ ਕੀਤੀ ਅਤੇ ਇਸਨੂੰ ਸਮਾਜਿਕ ਬਦਲਾਅ ਵੱਲ ਇੱਕ ਮਜ਼ਬੂਤ ਕਦਮ ਕਰਾਰ ਦਿੱਤਾ।ਸਮਾਗਮ ਦੌਰਾਨ ਭਾਈਚਾਰੇ ਦੇ ਲੋਕਾਂ ਵਿੱਚ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲਿਆ। ਸਥਾਨਕ ਨਿਵਾਸੀਆਂ ਨੇ ਕਿਹਾ ਕਿ ਇਹ ਭਵਨ ਉਨ੍ਹਾਂ ਲਈ ਬਹੁਤ ਹੀ ਲਾਭਕਾਰੀ ਸਾਬਤ ਹੋਣਗੇ ਅਤੇ ਉਹਨਾਂ ਨੂੰ ਆਪਣੀਆਂ ਰੋਜ਼ਮਰਾ ਦੀਆਂ ਸਮਾਜਕ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਆਸਾਨੀ ਮਿਲੇਗੀ।ਅੰਤ ਵਿੱਚ ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਰਾਸ਼ਟਰੀ ਸਫਾਈ ਕਰਮਚਾਰੀ ਕਮਿਸ਼ਨ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਵਿਕਾਸ ਕਾਰਜਾਂ ਨੂੰ ਪ੍ਰੋਤਸਾਹਿਤ ਕਰਦਾ ਰਹੇਗਾ ਤਾਂ ਜੋ ਸਫਾਈ ਕਰਮਚਾਰੀ ਭਾਈਚਾਰੇ ਦੀ ਭਲਾਈ ਯਕੀਨੀ ਬਣਾਈ ਜਾ ਸਕੇ ਅਤੇ ਉਹਨਾਂ ਨੂੰ ਸਮਾਜ ਵਿੱਚ ਬਣਦਾ ਹੱਕ ਅਤੇ ਸਨਮਾਨ ਮਿਲ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

**ਤਿੰਨ ਸ਼ਾਨਦਾਰ ਵਾਲਮੀਕੀ ਭਵਨਾਂ ਦਾ ਰਾਸ਼ਟਰੀ ਵਾਈਸ ਚੇਅਰਮੈਨ ਵਲੋ ਕੀਤਾ ਗਿਆ ਉਦਘਾਟਨ**

ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਮਹਿਤਾ ਮੰਡੀ ਪਹੁੰਚ ਕੇ

# ਕਣਕ ਦੀ ਸਰਕਾਰੀ ਖਰੀਦ ਦੀ ਪ੍ਰਕਿਰਿਆ ਦਾ ਲਿਆ ਜਾਇਜ਼ਾ

**ਚੌਂਕ ਮਹਿਤਾ, 16 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)** - ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਮਹਿਤਾ ਮੰਡੀ ਪਹੁੰਚ ਕੇ ਕਣਕ ਦੀ ਸਰਕਾਰੀ ਖਰੀਦ ਦੀ ਪ੍ਰਕਿਰਿਆ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਅਧਿਕਾਰੀਆਂ ਤੋਂ ਖਰੀਦ ਕਾਰਜਾਂ ਦੀ ਤਰੱਕੀ ਬਾਰੇ ਵਿਸਥਾਰ ਨਾਲ ਜਾਣਕਾਰੀ ਲਈ ਅਤੇ ਮੰਡੀਆਂ ਵਿੱਚ ਚੱਲ ਰਹੇ ਪ੍ਰਬੰਧਾਂ 'ਤੇ ਸੰਤੁਸ਼ਟੀ ਜ਼ਾਹਰ ਕੀਤੀ। ਉਨ੍ਹਾਂ ਕਿਹਾ "ਪੰਜਾਬ ਸਰਕਾਰ" ਵੱਲੋਂ ਕਿਸਾਨਾਂ ਦੀ ਫਸਲ ਦੀ ਸੁਚਾਰੂ ਖਰੀਦ ਨੂੰ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਕਿਸੇ ਵੀ ਕਿਸਾਨ ਨੂੰ ਮੰਡੀ ਵਿੱਚ ਕੋਈ ਦਿੱਕਤ ਨਾ ਆਵੇ। ਖਰੀਦ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਤੇਜ਼ ਬਣਾਉਣ ਲਈ ਅਧਿਕਾਰੀਆਂ ਨੂੰ ਲਗਾਤਾਰ ਨਿਗਰਾਨੀ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ।ਇਸ ਮੌਕੇ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਕਿਸਾਨਾਂ ਲਈ ਮੰਡੀਆਂ ਵਿੱਚ ਸਾਫ਼ ਪਾਣੀ, ਬੈਠਣ ਦੀ ਸਹੂਲਤ, ਰੌਸ਼ਨੀ ਅਤੇ ਸੈਨੀਟੇਸ਼ਨ ਵਰਗੀਆਂ ਬੁਨਿਆਦੀ ਸੁਵਿਧਾਵਾਂ ਨੂੰ ਪੂਰੀ ਤਰ੍ਹਾਂ ਯਕੀਨੀ ਬਣਾਇਆ ਗਿਆ ਹੈ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਜਾਣਕਾਰੀ ਅਨੁਸਾਰ, ਕਣਕ ਦੀ ਸਰਕਾਰੀ ਖਰੀਦ 15 ਅਪ੍ਰੈਲ 2026 ਤੋਂ ਸ਼ੁਰੂ ਹੋ ਚੁੱਕੀ ਹੈ ਅਤੇ ਸਾਰੀਆਂ ਮੰਡੀਆਂ ਵਿੱਚ ਖਰੀਦ ਕਾਰਜ ਨਿਰਵਿਘਨ ਤਰੀਕੇ ਨਾਲ ਜਾਰੀ ਹਨ। ਉਨ੍ਹਾਂ ਅਧਿਕਾਰੀਆਂ ਨੂੰ ਸਪੱਸ਼ਟ ਹਦਾਇਤਾਂ ਦਿੱਤੀਆਂ ਕਿ ਲਿਫਟਿੰਗ, ਢੋਆ- ਢੁਆਈ ਅਤੇ ਸਮੇਂ ਸਿਰ ਭੁਗਤਾਨ ਨੂੰ ਹਰ ਹਾਲ ਵਿੱਚ ਯਕੀਨੀ ਬਣਾਇਆ ਜਾਵੇ। ਇਸ ਮੌਕੇ ਮਾਰਕਿਟ ਕਮੇਟੀ ਮਹਿਤਾ ਦੇ ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ



ਖੱਬੇ ਰਾਜਪੂਤਾਂ, ਬਲਾਕ ਪ੍ਰਧਾਨ ਗੁਲਜਿੰਦਰ ਸਿੰਘ ਘੋਹਾਟਵਿੰਡ ਬਲਾਕ ਸੰਮਤੀ ਮੈਂਬਰ, ਪ੍ਰਧਾਨ ਗੁਰਮੁੱਖ ਸਿੰਘ ਔਜਲਾ, ਜਰਮਨਜੀਤ ਸਿੰਘ ਰੰਧਾਵਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਪ੍ਰਧਾਨ ਸੁਖਦੇਵ ਸਿੰਘ ਬੁੱਟਰ, ਜੋਬਨਜੀਤ ਸਿੰਘ ਸਰਪੰਚ ਘੋਹਾਟਵਿੰਡ, ਬਲਜੀਤ ਸਿੰਘ ਚਾਹਲ ਬਲਾਕ ਸੰਮਤੀ ਮੈਂਬਰ, ਗੁਰਮੁੱਖ ਸਿੰਘ ਸਾਹਬਾ ਉਦੋ ਨੰਗਲ, ਪ੍ਰਧਾਨ ਦਵਿੰਦਰ ਸਿੰਘ ਮੱਲੀ, ਅਜੀਤ ਸਿੰਘ ਬੱਬੀ ਪੰਚ, ਰਾਜਵਿੰਦਰ ਸਿੰਘ ਲਾਡੀ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਦਸਤਾਰ ਦਿਵਸ 'ਤੇ ਵਿਸ਼ੇਸ਼

**ਚੌਂਕ ਮਹਿਤਾ,16 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਸਤਾਰ ਦਾ ਇਤਿਹਾਸ ਬਹੁਤ ਹੀ ਗੌਰਵਮਈ ਅਤੇ ਪ੍ਰਾਚੀਨ ਹੈ। ਸਿੱਖ ਧਰਮ ਵਿੱਚ ਇਹ ਸਿਰਫ ਇੱਕ ਕੱਪੜੇ ਦਾ ਟੁਕੜਾ ਨਹੀਂ , ਸਗੋ , ਇਜ਼ਤ ਅਣਖ ਅਤੇ ਗੁਰੂ ਸਾਹਿਬ ਵੱਲੋਂ ਬਖਸ਼ੀ ਸਰਦਾਰੀ ਦਾ ਪ੍ਰਤੀਕ ਹੈ। ਦਸਤਾਰ ਪਹਿਨਣ ਦੀ ਰੀਤ ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਮੇਂ ਤੋਂ ਸ਼ੁਰੂ ਹੋ ਗਈ ਸੀ ਉਸ ਤੋਂ ਬਾਅਦ ਸਾਰੇ ਗੁਰੂ ਸਾਹਿਬਾਨ ਨੇ ਦਸਤਾਰ ਸਜਾਈ। ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸਮੇਂ ਮੁਗਲ ਸ਼ਾਸਕਾਂ ਨੇ ਆਮ ਲੋਕਾਂ ਨੂੰ ਸਿਰ ਤੇ ਦਸਤਾਰ ਸਜਾਉਣ ਤੇ ਸਖਤੀ ਨਾਲ ਰੋਕ ਲਗਾਈ ਹੋਈ ਸੀ। ਸ੍ਰੀ ਗੁਰੂ ਅਰਜਨ ਦੇਵ ਜੀ ਵਲੋਂ ਇਸ ਦਾ ਵਿਰੋਧ ਕਰਦਿਆਂ ਸਿੱਖਾਂ ਨੂੰ ਪੱਗ ਬੰਨ੍ਹਣ ਲਈ ਪ੍ਰੇਰਿਤ ਕੀਤਾ।÷ਸਾਹਿਬੇ - ਕਮਾਲ ਸਰਬੰਸ ਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1699 ਦੀ ਵਿਸਾਖੀ ਵਾਲੇ ਦਿਨ ਸ੍ਰੀ ਆਨੰਦਪੁਰ ਸਾਹਿਬ ਵਿਖੇ ਪੰਜ ਪਿਆਰਿਆਂ ਨੂੰ ਖੰਡੇ ਬਾਟੇ ਦੀ ਪਾਹੁਲ ਛਕਾ ਕੇ ਸਿੰਘ ਸਜਾਇਆ ਅਤੇ ਹੁਕਮ ਕੀਤਾ ਕਿ ਕਿ ਅੱਜ ਤੋਂ ਬਾਅਦ ਹਰੇਕ ਸਿੱਖ ਆਪਣੇ ਕੇਸਾਂ ਦੀ ਸੰਭਾਲ ਲਈ ਹਮੇਸ਼ਾ ਦਸਤਾਰ ਸਜਾ ਕੇ ਰੱਖੇਗਾ "ਇਤਿਹਾਸਕਾਰਾਂ ਅਨੁਸਾਰ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਮਹਿਲ ਮਾਤਾ ਗੰਗਾ ਜੀ ਵੀ ਦਸਤਾਰ ਸਜਾਇਆ ਕਰਦੇ ਸਨ।ਮਾਈ ਭਾਗੋ ਜੀ ਵੀ ਦਸਤਾਰ ਸਜਾ ਕੇ ਮੈਦਾਨੇ ਜੰਗ ਵਿੱਚ ਦੁਸ਼ਮਣਾਂ ਦੇ ਆਹੂ ਲਾਹੁੰਦੇ ਯੁੱਧ ਦੇ ਮੈਦਾਨ ਵਿੱਚ ਨਿਤਰੇ ਸਨ। ਪੁਰਾਤਨ ਸਮੇਂ ਪੱਗ ਸਿਰਫ ਰਾਜੇ ਮਹਾਰਾਜੇ ਹੀ ਬੰਨਦੇ ਸਨ।ਪਰ ਗੁਰੂ ਸਾਹਿਬ ਨੇ ਹਰ ਸਿੱਖ ਨੂੰ ਦਸਤਾਰ ਬਖ਼ਸ਼ ਕੇ ਉਨ੍ਹਾਂ ਨੂੰ ਰਾਜਿਆਂ ਵਰਗਾ ਸਨਮਾਨ ਅਤੇ ਸਨਮਾਨਤਾ ਦਿਤੀ। ਤਾਂ ਕਿ ਮੇਰੇ ਸਿੱਖ ਦੀ ਲੱਖਾਂ ਦੀ ਭੀੜ ਵਿੱਚ ਵੀ ਦੂਰੋ ਪਹਿਚਾਣ ਹੋ ਸਕੇ।ਜੰਗ ਦੇ ਸਮੇਂ ਦਸਤਾਰ ਖ਼ਾਸ ਕਰਕੇ ਦੁਮਾਲਾ ਸਿਰ ਲਈ ਇਕ ਸੁਰੱਖਿਆ ਕਵਚ ਦਾ ਕੰਮ ਕਰਦਾ ਸੀ



ਆਵਾਜ਼ਿ ਕੌਮ AWAZE QAUM International Newspaper & WEB TV

ਕੇਸਕੀ ਛੋਟੀ ਦਸਤਾਰ ਜੋ ਅਕਸਰ ਵੱਡੀ ਪੱਗ ਦੇ ਹੇਠਾਂ ਰਾਤ ਨੂੰ ਵਿਸ਼ਰਾਮ ਕਰਨ ਵੇਲੇ ਬੰਨੀ ਜਾਂਦੀ ਸੀ। ਸਿੱਖ ਇਤਿਹਾਸ ਵਿੱਚ ਸਾਨੂੰ ਦਸਤਾਰ ਦੀ ਬਹੁਤ ਵੱਡੀ ਕੀਮਤ ਤਾਰਨੀ ਪਈ ਹੈ। ਅਤੇ ਅੱਜ ਦੁਨੀਆਂ ਭਰ ਵਿੱਚ ਇਹ ਸਿੱਖੀ ਦੀ ਵਿਲੱਖਣ ਪਛਾਣ ਵਜੋਂ ਜਾਣੀਂ ਜਾਂਦੀ ਹੈ। ਪੁਰਾਣੇ ਸਮਿਆਂ ਵਿੱਚ ਮਾਂ ਬਾਪ ਆਪਣੀ ਔਲਾਦ ਨੂੰ ਨਸੀਹਤਾਂ ਦਿੰਦੇ ਸਨ ਕਿ ਕੋਈ ਇਹੋ ਜਿਹਾ ਕੰਮ ਨਾ ਕਰਿਓ ਕਿ ਚਿੱਟੀ ਪੱਗ ਨੂੰ ਦਾਗ ਲਗ ਜਾਵੇ । ਬਿਪਤਾ ਸਮੇਂ ਸੁਹਾਗਣਾਂ ਆਪਣੇ ਸਿਰ ਦੇ ਸਾਂਈ ਦੀ ਰੱਖਿਆ ਲਈ ਦੁਸ਼ਮਣ ਦੇ ਪੈਰਾਂ ਵਿਚ ਪੱਗ ਰੱਖ ਕੇ ਦਇਆ ਦੀ ਭੀਖ ਮੰਗਦੀਆਂ ਵੇਖੀਆਂ ਗਈਆਂ ਹਨ। ਮੁਕਦੀ ਗੱਲ ਇਹ ਹੈ ਕਿ ਦਸਤਾਰ ਸਾਡੀ ਆਣ ਬਾਣ ਅਤੇ ਸ਼ਾਨ ਬਰਕਰਾਰ ਰੱਖਣ ਲਈ ਸਮੇਂ ਸਮੇਂ ਰੱਖਿਆ ਕਰਦੀ ਹੈ।ਦਸਤਾਰ ਸਿੱਖੀ ਚ ਪ੍ਰਪੱਕ ਹੋਣ ਦੀ ਨਿਸ਼ਾਨੀ ਨਹੀਂ,ਬਲਕਿ ਇਹ ਦਸਤਾਰ ਨੂੰ ਸਜਾਉਣ ਵਾਲੇ ਦੇ ਮਨ ਦੇ ਅੰਦਰ ਸਿੱਖੀ ਪ੍ਰਤੀ ਲਗਾਓ,ਆਤਮ ਵਿਸ਼ਵਾਸ ਅਤੇ ਦ੍ਰਿੜ੍ਹ ਹੌਸਲਾ ਭਰਦੀ ਹੈ। ਗੁਰੂ ਘਰ ਦੇ ਅਨਿਨ ਸੇਵਕ, ਬੇਦਾਗ, ਮਾਇਆ ਨਾਜ਼ ਸ਼ਖ਼ਸੀਅਤ ਅੰਮ੍ਰਿਤਸਰ ਡਿਸਟ੍ਰਿਕਟ ਕੋਰਟ ਵਿਖੇ ਭੋਲੀ ਭਾਲੀ ਜਨਤਾ ਵੱਲੋਂ ਵਿੱਚ ਵੱਖ ਵੱਖ ਕੇਸਾਂ ਵਿੱਚ ਲੱਖਾਂ ਰੁਪਈਆ ਉਜਾੜਨ ਤੋਂ ਬਾਅਦ ਟੁੱਟ ਚੁੱਕੇ ਲੋਕਾਂ ਨੂੰ ਸਹੀ ਦਿਸ਼ਾ ਦੇਣ ਲਈ ਮਸੀਹਾ ਵਜੋਂ ਉਭਰੇ ਐਡਵੋਕੇਟ ਸ੍ਰ ਜਸਵਿੰਦਰ ਸਿੰਘ ਜਸਵਾਲ ਨੇ 13 ਅਪ੍ਰੈਲ ਨੂੰ ਦੁਨੀਆਂ ਭਰ ਵਿੱਚ ਬੜੇ ਉਤਸ਼ਾਹ ਨਾਲ ਮਨਾਏ ਗਏ (ਵਿਸ਼ਵ ਦਸਤਾਰ ਦਿਵਸ) ਦੀ ਵਧਾਈ ਦਿੰਦਿਆਂ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ "ਕਿ ਦਸਤਾਰ ਨਾਲ ਸਾਡੀ ਸ਼ਾਨ ਹੈ।ਗੁਰੂ ਸਾਹਿਬ ਜੀ ਵੱਲੋਂ ਸਾਡੀ ਝੋਲੀ ਵਿਚ ਪਾਈ ਸਿੱਖੀ ਦੀ ਅਨਮੋਲ ਦਾਤ ਨੂੰ ਸੰਭਾਲਣ ਲਈ ਹਰ ਤਰ੍ਹਾਂ ਦੇ ਨਸ਼ਿਆਂ ਦਾ ਤਿਆਗ ਕਰਕੇ ਚੰਗੇ ਨਾਗਰਿਕ ਹੋਣ ਦਾ ਸਬੂਤ ਪੇਸ਼ ਕਰੀਏ ।ਨਸ਼ਿਆਂ ਦੇ ਇਸ ਕੋਹੜ ਨੂੰ ਜੜੋਂ ਪੁੱਟਣ ਲਈ ਮਾਪੇ ਬੇਹਤਰੀਨ ਭੂਮਿਕਾ ਨਿਭਾ ਸਕਦੇ ਹਨ÷ਬੇਸ਼ੱਕ ਸਮੇਂ ਦੀਆਂ ਸਰਕਾਰਾਂ ਅਤੇ ਸਿੱਖਾਂ ਦੀ ਮਿੰਨੀ ਪਾਰਲੀਮੈਂਟ ਵਜੋਂ ਜਾਣੀਂ ਜਾਂਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਵਿੱਚ ਵਡਮੁੱਲਾ ਯੋਗਦਾਨ ਪਾ ਰਹੀ ਹੈ।ਸਾਡਾ ਵੀ ਫਰਜ਼ ਬਣਦਾ ਹੈ ਕਿ ਅਸੀਂ ਵੀ ਸਰਕਾਰ ਦੇ ਮੋਢੇ ਨਾਲ ਮੋਢਾ ਜੋੜ ਕੇ ਇਸ ਲਹਿਰ ਦਾ ਹਿੱਸਾ ਬਣੀਏ।"

# ਸਦਾਰੰਗ ਵਿਖੇ "ਖਾਲਸਾ ਸਾਜਨਾ ਦਿਵਸ" ਮਨਾਇਆ



**ਚੌਂਕ ਮਹਿਤਾ, 16 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)** - ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਪਾਤਸ਼ਾਹੀ ਦਸਵੀਂ ਵਲੋਂ 1699 ਈ. ਵਿੱਚ ਖ਼ਾਲਸਾ ਪੰਥ ਦੀ ਸਾਜਨਾ ਕੀਤੀ। ਇਸ ਪਵਿੱਤਰ ਦਿਹਾੜ੍ਹਾ ਸਿੰਘ ਸਭਾ ਗੁਰਦੁਆਰਾ ਸਾਹਿਬ ਸਦਾਰੰਗ ਵਿਖੇ ਗੁਰਦੁਆਰਾ ਸਾਹਿਬ ਦੀ ਕਮੇਟੀ ਅਤੇ ਸਮੂਹ ਨਗਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ "ਖਾਲਸਾ ਸਾਜਨਾ ਦਿਵਸ" ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਰੱਖੇ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ। ਉਪਰੰਤ ਭਾਈ ਰਣਯੋਧ ਸਿੰਘ, ਨਿਹੰਗ ਸਿੰਘ ਭਾਈ ਸੁੱਖਪ੍ਰੀਤ ਸਿੰਘ ਦੇ ਕੀਰਤਨੀ ਜਥੇ ਨੇ ਸੰਗਤਾਂ ਨੂੰ ਖ਼ਾਲਸੇ ਦੇ ਜਨਮ ਦਿਹਾੜੇ ਸਬੰਧੀ ਚਾਨਣਾ ਪਾਇਆ ਇਲਾਹੀ ਬਾਣੀ ਦਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਉਪਰੰਤ ਬੀਬੀ ਸਤਵੰਤ ਕੌਰ ਜੀ ਦੇ ਜੱਥੇ ਨੇ ਸਤਿਸੰਗ ਕਰਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਇਸ ਮੌਕੇ ਐੱਨ.ਆਰ.ਆਈ. ਭਾਈ ਇਕਬਾਲ ਸਿੰਘ ਯੂ.ਐੱਸ.ਏ. ਤੇ ਉਨ੍ਹਾਂ ਦੇ ਸਪੁੱਤਰ ਰਣਜੀਤ ਸਿੰਘ ਰਾਜੂ , ਸੋਨੂੰ ਯੂ.ਐੱਸ.ਏ. ਵੱਲੋਂ ਬੀਤੇ ਦਿਨੀਂ ਗੁਰਦੂਆਰਾ ਸਾਹਿਬ ਵਿਖੇ ਜੈਕ (ਹਾਈਡ੍ਰੌਲਿਕ) ਨਿਸ਼ਾਨ ਸਾਹਿਬ ਜੀ ਦੀ ਵੱਧ ਚੜ ਕੇ ਸੇਵਾ ਕੀਤੀ। ਇੰਸਪੈੱਕਟਰ ਹਰਜਿੰਦਰ ਸਿੰਘ ਅਤੇ ਲਖਵਿੰਦਰ ਸਿੰਘ ਲੱਖਾ ਦੇ ਪਰਿਵਾਰ ਨੂੰ ਨੂੰ ਗੁਰਦੂਆਰਾ ਸਾਹਿਬ ਦੇ ਪ੍ਰਧਾਨ ਜੱਥੇ. ਸਾਹਿਬ ਸਿੰਘ, ਕੈਸ਼ੀਅਰ ਇੰਦਰਜੀਤ ਸਿੰਘ, ਗ੍ਰੰਥੀ ਭਾਈ ਸੁੱਖਵਿੰਦਰ ਸਿੰਘ, ਸਾਬਕਾ ਸਰਪੰਚ ਧਰਮਿੰਦਰ ਸਿੰਘ ਸਦਾਰੰਗ, ਜੱਥੇ. ਦਿਆਲ ਸਿੰਘ, ਹਰਦੀਪ ਸਿੰਘ ਵਿਰਦੀ, ਹਰਜਿੰਦਰ ਸਿੰਘ ਆਦਿ ਨੇ ਤੇਗ., ਤਸਵੀਰ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਨਰਿੰਦਰ ਸਿੰਘ, ਪ੍ਰੇਮ ਸਿੰਘ, ਹਰਵਿੰਦਰ ਸਿੰਘ, ਨਿਸ਼ਾਨ ਸਿੰਘ, ਜੱਥੇ. ਧਰਮਿੰਦਰ ਸਿੰਘ, ਸਵਰਨ ਸਿੰਘ, ਸਤਿਨਾਮ ਸਿੰਘ, ਪ੍ਰੀਤਮ ਸਿੰਘ, ਮੁਹਿੰਦਰ ਸਿੰਘ, ਜਸਵਿੰਦਰ ਸਿੰਘ, ਦਵਿੰਦਰ ਸਿੰਘ ਬੱਬੀ, ਲੁੱਬਾ ਸਿੰਘ, ਅਜੈਬ ਸਿੰਘ, ਪਿਆਰਾ ਸਿੰਘ ਆਦਿ ਸਮੂਹ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮਾਝਾ ਪ੍ਰੈੱਸ ਕਲੱਬ ਦੀ ਸਾਲਾਨਾ ਚੋਣ 'ਚ ਸਰਬਸੰਮਤੀ ਨਾਲ

# ਗੁਰਪ੍ਰੀਤ ਸਿੰਘ ਚੰਦੀ ਨੂੰ ਕੀਤਾ ਪ੍ਰਧਾਨ ਨਿਯੁਕਤ



**ਜੰਡਿਆਲਾ ਗੁਰੂ 16 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਅੱਜ ਮਾਝਾ ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਮੀਟਿੰਗ ਜੰਡਿਅਲਾ ਗੁਰੂ ਵਿਖੇ ਭੁਪਿੰਦਰ ਸਿੰਘ ਸਿੱਧੂ ਦੀ ਸਰਪ੍ਰਸਤੀ ਹੇਠ ਹੋਈ ਜਿਸ ਵਿੱਚ ਮਾਝਾ ਪ੍ਰੈਸ ਕਲੱਬ ਦੀ 2026-27 ਵਾਸਤੇ ਸਰਬਸੰਤੀ ਨਾਲ ਨਵੀਂ ਵਰਕਿੰਗ ਬੌਡੀ ਤਿਆਰ ਕੀਤੀ ਗਈ।ਗੁਰਪ੍ਰੀਤ ਸਿੰਘ ਚੰਦੀ ਨੂੰ 2026-27 ਵਾਸਤੇ ਮਾਝਾ ਪ੍ਰੈੱਸ ਕਲੱਬ ਅੰਮ੍ਰਿਤਸਰ ਦਾ ਪ੍ਰਧਾਨ ਥਾਪਿਆ ਗਿਆ।ਇਸ ਉਪਰੰਤ ਬਾਕੀ ਅਹੁਦੇਦਾਰਾਂ ਜਿਸ ਵਿੱਚ ਗੁਰਦੇਵ ਸਿੰਘ ਮਨਜੋਤਰਾ ਵਾਈਸ ਪ੍ਰਧਾਨ,ਨਰਿੰਦਰ ਸਿੰਘ ਮੀਤ ਪ੍ਰਧਾਨ,ਸਤਿੰਦਰ ਸਿੰਘ ਜਨਰਲ ਸੈਕਟਰੀ ,ਜਗਤਾਰ ਸਿੰਘ ਜਨਰਲ ਸੈਕਟਰੀ ,ਪਰਮਜੀਤ ਸਿੰਘ ਜਨਰਲ ਸੈਕਟਰੀ,ਰਾਜੀਵ ਕੁਮਾਰ ਭੋਲਾ ਕੈਸ਼ੀਅਰ ,ਪ੍ਰਗਟ ਸਿੰਘ ਚੇਅਰਮੈਨ,ਲਖਬੀਰ ਸਿੰਘ ਗਿੱਲ ਚੇਅਰਮੈਨ ਅਤੇ ਜਸਬੀਰ ਸਿੰਘ ਭੋਲਾ ਨੂੰ ਮਾਨਾਵਾਲਾ ਯੂਨਿਟ ਦਾ ਪ੍ਰਧਾਨ ਥਾਪਿਆ ਗਿਆ।ਨਵੀਂ ਕਮੇਟੀ ਨੂੰ ਕਲੱਬ ਦੇ ਸਮੂੰਹ ਮੈਂਬਰਾਂ ਵਲੋਂ ਵਧਾਈਆਂ ਦਿੱਤੀਆਂ ਗਈਆਂ ।ਕਲੱਬ ਦੇ ਸਰਪ੍ਰਸ਼ਤ ਭੂਪਿੰਦਰ ਸਿੰਘ ਸਿੱਧੂ ਵਲੋਂ ਨਵੀਂ ਪ੍ਰਬੰਧਕੀ ਕਮੇਟੀ ਨੂੰ ਨਿਯੁਕਤੀ ਉਪਰੰਤ ਸਿਰੋਪਾਉ ਪਾ ਕਿ ਨਿਵਾਜਿਆ ਗਿਆ ਅਤੇ ਸ਼ੁਭ ਇਛਾਵਾਂ ਦਿੱਤੀਆ ਗਈਆਂ।ਇਸ ਮੌਕੇ ਗੁਰਪ੍ਰੀਤ ਸਿੰਘ ਚੰਦੀ ਨੇ ਕਿਹਾ ਕਿ ਮੈਂ ਅਤੇ ਮੇਰੀ ਸਮੁੱਚੀ ਟੀਮ ਆਪਣੇ ਕਲੱਬ ਦੇ ਮੈਂਬਰਾਂ ਦੀ ਇਛਾਵਾਂ ਤੇ ਪੂਰਾ ਉਤਰਨ ਦੀ ਕੋਸ਼ਿਸ ਕਰਾਂਗੇ ਅਤੇ ਪੱਤਰਕਾਰਾਂ ਦੇ ਮਸਲੇ ਪਹਿਲ ਦੇ ਅਧਾਰ ਤੇ ਹੱਲ ਕੀਤੇ ਜਾਣਗੇ। ਇਸ ਮੌਕੇ ਪ੍ਰਬੰਧਕੀ ਟੀਮ ਤੋਂ ਇਲਾਵਾ ਅੰਗਰੇਜ ਸਿੰਘ,ਡਾ ਮਨਰਾਜ ਸਿੰਘ ਜੋਸਨ,ਅਨਿਲ ਕੁਮਾਰ,ਭੂਪਿੰਦਰ ਸਿੰਘ ਸਿੱਧੂ,ਮਨਪ੍ਰੀਤ ਸਿੰਘ ਕੰਡਾ,ਰਵਿੰਦਰ ਸਿੰਘ ਗਿੱਲ,ਮਿਸ ਪੂਜਾ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਖ਼ਾਲਸਾ ਸਾਜਨਾ ਦਿਵਸ ਮੌਕੇ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

# 9 ਰੋਜ਼ਾ ਮੁਢਲੀ ਸਹਾਇਤਾ ਅਤੇ ਸਿੱਖਿਆ ਜਾਗਰੂਕਤਾ ਕੈਂਪ ਆਯੋਜਿਤ





**ਤਲਵੰਡੀ ਸਾਬੋ, 16 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਖ਼ਾਲਸਾ ਸਾਜਨਾ ਦਿਵਸ "ਵਿਸਾਖੀ" ਮੌਕੇ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਤਖ਼ਤ ਸ਼੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਆਈਆਂ ਸੰਗਤਾਂ ਦੀ ਸੇਵਾ ਲਈ 9 ਰੋਜ਼ਾ ਵਿਸ਼ੇਸ਼ ਸਿੱਖਿਆ ਜਾਗਰੂਕਤਾ ਅਤੇ ਮੁਢਲੀ ਸਹਾਇਤਾ ਕੈਂਪ 8 ਅਪ੍ਰੈਲ ਤੋਂ 16 ਅਪ੍ਰੈਲ ਤੱਕ ਆਯੋਜਿਤ ਕੀਤਾ ਗਿਆ। ਜਿਸ ਦਾ ਸ਼ੁਭ ਆਰੰਭ ਹੈੱਡ ਗ੍ਰੰਥੀ ਤਖ਼ਤ ਸ਼੍ਰੀ ਦਮਦਮਾ ਸਾਹਿਬ ਭਾਈ ਜਗਤਾਰ ਸਿੰਘ ਵੱਲੋਂ ਸਭਨਾਂ ਦੀ ਚੜ੍ਹਦੀ ਕਲਾ ਵਿੱਚ ਰਹਿਣ ਦੀ ਅਰਦਾਸ ਨਾਲ ਕੀਤਾ ਗਿਆ।ਕੈਂਪ ਵਿੱਚ ਵਾਈਸ ਚਾਂਸਲਰ ਪ੍ਰੋ.(ਡਾ.) ਜਗਤਾਰ ਸਿੰਘ ਧੀਮਾਨ, ਡਾਇਰੈਕਟਰ ਕੈਂਪਸ (ਡਾ.) ਹਰਜਸਪਾਲ ਸਿੰਘ ਸਿੱਧੂ, ਡਾਇਰੈਕਟਰ ਦਾਖ਼ਲੇ (ਡਾ.) ਗੁਰਪ੍ਰੀਤ ਸਿੰਘ , ਕੈਂਪ ਕੁਆਰਡੀਨੇਟਰ (ਡਾ.) ਗੁਰਜੀਤ ਸਿੰਘ ਖ਼ਾਲਸਾ, ਡਾ. ਦੀਪਕ, ਡਾ. ਅਮਨ, ਸੰਤ ਬਾਬਾ ਲਾਲ ਦਾਸ, ਫੈਕਲਟੀ ਮੈਂਬਰਾਂ, ਅਧਿਕਾਰੀਆਂ ਵੱਲੋਂ ਆਪਣੀਆਂ ਸੇਵਾਵਾਂ ਦਿੱਤੀਆਂ ਗਈਆਂ ਅਤੇ ਗੁਰੂ ਚਰਨਾਂ ਵਿੱਚ ਮੱਥਾ ਟੇਕਿਆ। ਵਾਈਸ ਚਾਂਸਲਰ (ਡਾ.) ਧੀਮਾਨ ਨੇ ਕਿਹਾ ਕਿ ਵਿੱਦਿਆ ਦਾ ਚਾਨਣ ਸਾਡੇ ਅੰਦਰ ਦੀ ਆਗਿਆਨਤਾ ਦੇ ਹਨੇਰੇ ਨੂੰ ਦੂਰ ਕਰਦਾ ਹੈ ਤੇ ਸਾਨੂੰ ਕਰਮ-ਕਾਡਾਂ ਅਤਿ ਵਹਿਮਾਂ-ਭਰਮਾਂ ਤੋ ਬਚਾਉਂਦਾ ਹੈ।ਉਹਨਾਂ ਸ਼ਰਧਾਲੂਆਂ ਦੀ ਨਿਸ਼ਕਾਮ ਸੇਵਾ ਲਈ ਲਗਾਏ ਗਏ ਕੈਂਪ ਵਾਸਤੇ ਵਰਸਿਟੀ ਪ੍ਰਬੰਧਕਾਂ ਅਤੇ ਵਰਸਿਟੀ ਅਧਿਕਾਰੀਆਂ ਵੱਲੋਂ ਕੀਤੀ ਗਈ ਸੇਵਾ ਨੂੰ ਮਨੁੱਖਤਾ ਦੀ ਸੇਵਾ ਕਿਹਾ। ਡਾਇਰੈਕਟਰ ਕੈਂਪਸ (ਡਾ.) ਸਿੱਧੂ ਨੇ ਦੱਸਿਆ ਕਿ ਵਰਸਿਟੀ ਦੇ ਵਲੰਟੀਅਰਾਂ ਵੱਲੋਂ ਲੋੜ ਪੈਣ ਤੇ ਸਾਲ ਵਿੱਚ ਤਿੰਨ-ਚਾਰ ਸਵੈ-ਇੱਛੁਕ ਖ਼ੂਨ-ਦਾਨ ਕੈਂਪ ਵੀ ਆਯੋਜਿਤ ਕੀਤੇ ਜਾਂਦੇ ਹਨ। ਜਿਸ ਕਾਰਨ ਕਈ ਵੱਡਮੁਲੀਆਂ ਜਾਨਾਂ ਬਚ ਜਾਂਦੀਆਂ ਹਨ ਤੇ ਉਹਨਾਂ ਵੱਲੋਂ ਦਿੱਤਾ ਗਿਆ ਖ਼ੂਨ ਮਰੀਜਾਂ ਦੇ ਮੁੜ ਤੰਦਰੁਸਤ ਹੋਣ ਵਿੱਚ ਸਹਾਈ ਹੁੰਦਾ ਹੈ। ਡਾਇਰੈਕਟਰ ਦਾਖ਼ਲੇ (ਡਾ.) ਸਿੰਘ ਨੇ ਦੱਸਿਆ ਕਿ ਕੈਂਪ ਵਿੱਚ ਸ਼ਰਧਾਲੂਆਂ ਨੂੰ ਜੀ.ਕੇ.ਯੂ.ਵਿਖੇ ਚਲਾਏ ਜਾ ਰਹੇ 100 ਤੋਂ ਵੱਧ ਕੋਰਸਾਂ ਸੰਬੰਧੀ ਜਾਣਕਾਰੀ ਦਿੱਤੀ ਗਈ ਅਤੇ ਵਿਦਿਆਰਥੀਆਂ ਦਾ ਉਚੇਰੀ ਅਤੇ ਮਿਆਰੀ ਸਿੱਖਿਆ ਲਈ ਮਾਰਗ ਦਰਸ਼ਨ ਕੀਤਾ ਗਿਆ। ਉਹਨਾਂ ਦੱਸਿਆ ਕਿ ਵਰਸਿਟੀ ਵੱਲੋਂ ਦਸ਼ਮ ਗੁਰੂ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 52 ਹੁਕਮਨਾਮਿਆਂ ਨੂੰ ਦਰਸਾਉਂਦੇ 20000 ਕੰਲੈਡਰ ਵੀ ਸ਼ਰਧਾਲੂਆਂ ਨੂੰ ਵੰਡੇ ਗਏ। ਉਹਨਾਂ ਵਿਸਾਖੀ ਮੌਕੇ ਦਾਖ਼ਲੇ ਦੇ ਚਾਹਵਾਨਾਂ ਲਈ ਯੂਨੀਵਰਸਿਟੀ ਵੱਲੋਂ ਵਿਸ਼ੇਸ਼ ਰਿਆਇਤਾਂ ਦਾ ਵੀ ਜ਼ਿਕਰ ਕੀਤਾ।ਕੈਂਪ ਕੁਆਰਡੀਨੇਟਰ (ਡਾ.) ਖ਼ਾਲਸਾ ਨੇ ਦੱਸਿਆ ਕਿ ਕੈਂਪ ਵਿੱਚ 5000 ਤੋਂ ਜ਼ਿਆਦਾ ਸ਼ਰਧਾਲੂਆਂ ਨੂੰ ਮੁਢਲੀ ਸਹਾਇਤਾ ਦਿੱਤੀ ਗਈ ਅਤੇ ਉਹਨਾਂ ਦੇ ਬੀ.ਪੀ. ਚੈੱਕਅਪ ਦੇ ਨਾਲ-ਨਾਲ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ। ਵੱਖ-ਵੱਖ ਦਿਨਾਂ ਵਿੱਚ ਮੈਨੇਜਰ ਤਖ਼ਤ ਸਾਹਿਬ ਸ. ਨਰਿੰਦਰ ਸਿੰਘ, ਮੈਂਬਰ ਸ਼੍ਰੋਮਣੀ ਕਮੇਟੀ ਮੋਹਨ ਸਿੰਘ ਬੰਗੀ, ਭੋਲਾ ਸਿੰਘ ਖ਼ਾਲਸਾ ਤੋਂ ਇਲਾਵਾ ਇਲਾਕਿਆਂ ਦੀਆਂ ਨਾਮਵਾਰ ਸ਼ਖਸੀਅਤਾਂ ਨੇ ਕੈਂਪ ਦਾ ਦੌਰਾ ਕੀਤਾ ਜਿਨ੍ਹਾਂ ਨੂੰ ਆਯੋਜਕਾਂ ਵੱਲੋਂ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਟਰੱਕ ਯੂਨੀਅਨ ਧੂਰੀ ਵਿਖੇ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ





**ਧੂਰੀ ( ਰਣਜੀਤ ਸਿੰਘ ਪੇਧਨੀ )**-ਟਰੱਕ ਯੂਨੀਅਨ ਧੂਰੀ ਦੇ ਪ੍ਰਧਾਨ ਗਗਨ ਜਵੰਧਾ ਭਸੌੜ ਦੀ ਅਗਵਾਈ ਹੇਠ ਉਹਨੇ ਆੜ੍ਹੀ ਦੇ ਸੀਜਨ ਨੂੰ ਮੁੱਖ ਰੱਖਦਿਆਂ ਹੋਇਆਂ ਟਰੱਕ ਯੂਨੀਅਨ ਧੂਰੀ ਵਿਖੇ ਸੁਖਮਨੀ ਸਾਹਿਬ ਦੇ ਜਾਪ ਕਰਵਾਏ ਗਏ। ਇਸ ਮੌਕੇ ਮੁੱਖ ਮੰਤਰੀ ਦੇ ਓਐਸਡੀ ਸੁਖਬੀਰ ਸਿੰਘ ਸੁੱਖੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ । ਇਸ ਮੌਕੇ ਓਐਸਡੀ ਸੁਖਬੀਰ ਸਿੰਘ ਸੁੱਖੀ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਕਿਸਾਨ ਭਰਾਵਾਂ ਦੀਆਂ ਫਸਲਾਂ ਮੰਡੀਆਂ ਵਿੱਚੋਂ ਚੁੱਕਣ ਦੇ ਲਈ ਟਰੱਕ ਯੂਨੀਅਨ ਇੱਕ ਅਹਿਮ ਰੋਲ ਅਦਾ ਕਰਦੀ ਹੈ ਯੂਨੀਅਨ ਦੇ ਕਾਰਜ ਅਤੀ ਸਲਾਂਘਾਯੋਗ ਹਨ। ਇਸ ਮੌਕੇ ਗੁਰਮੇਲ ਸਿੰਘ ਘਰਾਚੋਂ ਚੈਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸੰਗਰੂਰ , ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ , ਡਾ ਅਨਵਰ ਭਸੌੜ ਮੈਂਬਰ ਵਕਫ਼ ਬੋਰਡ ਪੰਜਾਬ , ਸੀਨੀਅਰ ਆਪ ਆਗੂ ਸਤਿੰਦਰ ਸਿੰਘ ਚੱਠਾ , ਅਸ਼ੋਕ ਕੁਮਾਰ ਲੱਖਾ ਚੇਅਰਮੈਨ ਗਊ ਸੇਵਾ ਕਮਿਸ਼ਨ ਪੰਜਾਬ , ਰਛਪਾਲ ਸਿੰਘ ਭੁੱਲਰਹੇੜੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ , ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ , ਰਣਜੋਧ ਸਿੰਘ ਕਾਂਝਲਾ ਚੇਅਰਮੈਨ ਬਲਾਕ ਸੰਮਤੀ ਧੂਰੀ , ਕਰਨਵੀਰ ਸਿੰਘ ਸੰਧੂ ਐਸ ਐਚ ਓ ਥਾਣਾ ਸਦਰ ਧੂਰੀ , ਪ੍ਰਸ਼ੋਤਮ ਗਰਗ ਕਾਲਾ ਡਰੈਕਟਰ ਰਾਈਸੀਲਾ ਗਰੁੱਪ , ਪਰਮਜੀਤ ਸਿੰਘ ਕਾਂਝਲਾ , ਗਮਦੂਰ ਸਿੰਘ ਜਵੰਦਾ ਭਸੌੜ ਸਾਬਕਾ ਪ੍ਰਧਾਨ ਟਰੱਕ ਯੂਨੀਅਨ ਧੂਰੀ , ਜਗਜੀਤ ਸਿੰਘ ਰਾਏ ਸਾਬਕਾ ਪ੍ਰਧਾਨ ਟਰੱਕ ਯੂਨੀਅਨ, ਕਮਲ ਧੂਰਾ ਸਾਬਕਾ ਪ੍ਰਧਾਨ ਟਰੱਕ ਯੂਨੀਅਨ , ਸਤਨਾਮ ਸਿੰਘ ਸੱਤਾ ਵਾਇਸ ਚੇਅਰਮੈਨ ਬਲਾਕ ਸੰਮਤੀ ਧੂਰੀ , ਅਵਤਾਰ ਸਿੰਘ ਤਾਰੀ ਮੈਂਬਰ ਟਰੇਡ ਵਿੰਗ ਕਮਿਸ਼ਨ ਧੂਰੀ , ਦਵਿੰਦਰ ਸਿੰਘ ਧੂਰਾ ਸਰਪੰਚ , ਗੁਰਚਰਨ ਸਿੰਘ ਕਾਲਾ ਬਲਾਕ ਪ੍ਰਧਾਨ ਆਪ , ਰੂਬਰੂ ਬਾਜਵਾ , ਬਿੱਕਰ ਸਿੰਘ ਚਹਿਲ , ਮੁਕੇਸ ਕੁਮਾਰ ਬੰਟੀ ਪ੍ਰਧਾਨ ਇੰਡਸਟਰੀਜ ਚੈਂਬਰ ਧੂਰੀ, ਚੇਅਰਮੈਨ ਟਰੈਡ ਕਮਿਸ਼ਨ ਧੂਰੀ , ਅਜੈਬ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਅਕਾਲੀ ਦਲ ਮਿਉਂਸਪਲ ਕਮੇਟੀ ਚੋਣਾਂ ਵੱਡੇ ਮਾਰਜਨ ਨਾਲ ਜਿੱਤ ਕੇ ਇਤਿਹਾਸ ਬਣਾਏਗਾ, ਗੋਲਡੀ, ਖੰਨਾ, ਸੰਘਰੇੜੀ

## ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਦੀ ਰੱਖੀ ਮੀਟਿੰਗ ਨੇ ਧਾਰਿਆਂ ਰੈਲੀ ਦਾ ਰੂਪ





**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਵਿੱਚ ਹੋਣ ਜਾ ਰਹੀਆਂ ਮਿਉਂਸਪਲ ਕਮੇਟੀ ਦੀਆਂ ਚੋਣਾਂ ਨੂੰ ਮੁੱਖ ਰੱਖਦਿਆਂ ਵਿਧਾਨ ਸਭਾ ਹਲਕਾ ਧੂਰੀ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸ, ਰਣਜੀਤ ਸਿੰਘ ਰੰਧਾਵਾ ਕਾਤਰੋਂ ਦੀ ਅਗਵਾਈ ਦੇ ਹੇਠ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਜਰਨਲ ਸਕੱਤਰ ਸ, ਵਿੰਨਰਜੀਤ ਸਿੰਘ ਗੋਲਡੀ, ਸਾਬਕਾ ਵਿਧਾਇਕ ਸ੍ਰੀ ਅਰਵਿੰਦ ਖੰਨਾ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਹੋ ਰਹੀਆਂ ਪੰਜਾਬ ਬਚਾਓ ਰੈਲੀਆਂ ਦੇ ਵਿੱਚ ਹੋ ਰਹੇ ਇਕੱਠ ਤੋਂ ਪੰਜਾਬ ਦੀ ਮਾਨ ਸਰਕਾਰ ਅਤੇ ਬਾਕੀ ਪਾਰਟੀਆਂ ਘਬਰਾਈਆਂ ਹੋਈਆਂ ਹਨ ਕਿਉਂਕਿ ਪੰਜਾਬ ਦੇ ਲੋਕਾਂ ਨੇ ਮਨ ਬਣਾ ਲਿਆ ਹੈ ਕਿ 2027 ਦੇ ਵਿੱਚ ਸੁਖਬੀਰ ਸਿੰਘ ਬਾਦਲ ਨੂੰ ਪੰਜਾਬ ਦਾ ਮੁੱਖ ਮੰਤਰੀ ਬਣਾ ਕੇ ਹੀ ਦਮ ਲੈਣਗੇ। ਆਗੂਆਂ ਨੇ ਕਿਹਾ ਕਿ ਧੂਰੀ ਸ਼ਹਿਰ ਵਿੱਚ ਸ੍ਰੋਮਣੀ ਅਕਾਲੀ ਦਲ ਬਾਦਲ 21 ਵਾਰਡਾਂ ਵਿੱਚ ਆਪਣੇ ਉਮੀਦਵਾਰ ਖੜ੍ਹੇ ਕਰੇਗਾ ਅਤੇ ਵੱਡੇ ਮਾਰਜਨ ਨਾਲ ਜਿਤਾ 'ਕੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਹੱਥ ਮਜਬੂਤ ਕਰਨਗੇ। ਇਸ ਮੌਕੇ ਹਰਪਾਲ ਸਿੰਘ ਖੜਿਆਲ, ਭੁਪਿੰਦਰ ਸਿੰਘ ਭਲਵਾਨ, ਪਰਮਜੀਤ ਕੌਰ ਵਿਰਕ, ਧਰਮਿੰਦਰਜੀਤ ਸਿੰਘ ਦੁੱਲਟ, ਰੇਸਮ ਬਾਲੀਆਂ ਮੈਂਬਰ ਬਲਾਕ ਸੰਮਤੀ,ਗੁਰਪ੍ਰੀਤ ਸਿੰਘ ਸੋਹੀ ਪਲਾਸੌਰ, ਸਾਬਕਾ ਚੇਅਰਮੈਨ ਇੰਦਰਜੀਤ ਸਿੰਘ ਘਨੌਰੀ, ਰਵੀ ਈਸੜਾ, ਤੇਜਿੰਦਰ ਸਿੰਘ ਨੰਨੜੇ, ਦਰਸ਼ਨ ਸਿੰਘ ਕਾਂਝਲਾ, ਸਾਬਕਾ ਸਰਪੰਚ ਸਰਬਜੀਤ ਸਿੰਘ ਕਾਤਰੋਂ, ਅਮਰੀਕ ਸਿੰਘ ਬਰੜਵਾਲ, ਪੱਪੂ ਧੂਰੀ, ਹਰਿੰਦਰ ਸਿੰਘ ਰਾਜੋਮਜਰਾ, ਲਖਬੀਰ ਸਿੰਘ, ਮਿੱਠਾ ਧੂਰੀ, ਹੰਸ ਰਾਜ ਬਜਾਜ, ਡਾਕਟਰ ਜਗਜੀਤ ਸਿੰਘ ਘਨੌਰੀ,ਕਰਮਜੀਤ ਸਿੰਘ ਪੁੰਨਾਵਾਲ, ਨਿਰਭੈ ਸਿੰਘ ਹੇੜੀਕੇ, ਠੇਕੇਦਾਰ ਜਸਦੇਵ ਸਿੰਘ ਜੱਸਾ, ਜਸਵਿੰਦਰ ਕੌਰ ਖਾਲਸਾ , ਸੱਤਾ ਕਾਂਝਲਾ, ਦੀਪਇੰਦਰ ਸਿੰਘ ਲੁਹਾਰਮਾਜਰਾ ਹਾਜਰ ਸਨ। ਸਟੇਜ ਦੀ ਕਾਰਵਾਈ ਡਾਕਟਰ ਕਰਨਵੀਰ ਸਿੰਘ ਨੇ ਨਿਭਾਈ।

### ਸਰੀ ਪੁਲਿਸ ਵੱਲੋਂ ਖਾਲਿਸਤਾਨ ਪੱਖੀ ਪ੍ਰਬੰਧਕ

# ਭਾਈ ਨਰਿੰਦਰ ਸਿੰਘ ਰੰਧਾਵਾ ਨੂੰ 'ਜਾਨ ਦਾ ਖ਼ਤਰਾ' ਹੋਣ ਦੀ ਚੇਤਾਵਨੀ




ਨਵੀਂ ਦਿੱਲੀ 16 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਕੈਨੇਡਾ ਦੇ ਬੀਸੀ ਵਿੱਚ ਸਥਿਤ ਇੱਕ ਸਿੱਖ ਕਾਰਕੁਨ ਭਾਈ ਨਰਿੰਦਰ ਸਿੰਘ ਰੰਧਾਵਾ ਜੋ ਕਿ ਗੁਰੂ ਨਾਨਕ ਸਿੱਖ ਗੁਰਦੁਆਰਾ ਦੇ ਮੈਂਬਰ ਵੀ ਹਨ, ਨੂੰ ਸਰੀ ਪੁਲਿਸ ਸੇਵਾ (ਐਸਪੀਐਸ) ਨੇ ਚੇਤਾਵਨੀ ਦਿੱਤੀ ਹੈ ਕਿ ਉਸਦੀ ਜਾਨ ਨੂੰ ਖ਼ਤਰਾ ਹੋ ਸਕਦਾ ਹੈ। ਐਸਐਫਜੇ ਦਾ ਕਹਿਣਾ ਹੈ ਕਿ ਖਾਲਿਸਤਾਨ ਦੀ ਆਜ਼ਾਦੀ ਮੁਹਿੰਮ ਵਿੱਚ ਸ਼ਾਮਲ ਇੱਕ ਪ੍ਰਬੰਧਕ ਨਰਿੰਦਰ ਸਿੰਘ ਰੰਧਾਵਾ ਨੂੰ ਉਸਦੀ ਜਾਨ ਨੂੰ ਇੱਕ ਗੰਭੀਰ ਖ਼ਤਰੇ ਦੇ ਮੱਦੇਨਜ਼ਰ "ਡਿਊਟੀ ਟੂ ਵਾਰਨ" ਜਾਰੀ ਕੀਤਾ ਗਿਆ ਹੈ। ਐਸਐਫਜੇ ਦੇ ਅਨੁਸਾਰ, ਐਸਪੀਐਸ ਦਾ ਕਹਿਣਾ ਹੈ ਕਿ ਇਹ ਚੇਤਾਵਨੀ ਆਰਸੀਐਮਪੀ ਅਤੇ ਕਈ ਹੋਰ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਤੋਂ ਮਿਲੀ ਖੁਫੀਆ ਜਾਣਕਾਰੀ ਦੇ ਅਧਾਰ ਤੇ ਸੀ। ਸਮੂਹ ਦਾ ਕਹਿਣਾ ਹੈ ਕਿ ਕਾਰਕੁਨ ਨੂੰ ਪਹਿਲਾਂ 11 ਅਪ੍ਰੈਲ ਨੂੰ ਫ਼ੋਨ ਰਾਹੀਂ ਡਿਊਟੀ ਟੂ ਵਾਰਨ ਨੋਟਿਸ ਮਿਲਿਆ ਸੀ, ਅਤੇ ਫਿਰ ਦੋ ਦਿਨਾਂ ਬਾਅਦ ਇਸਦੀ ਪੁਸ਼ਟੀ ਕੀਤੀ ਗਈ ਸੀ ਉਪਰੰਤ ਇੰਨ੍ਹਾ ਦੀ ਧਰਮਪਤਨੀ ਨਾਲ ਵੀ ਪੁਲਿਸ ਨੇ ਸੰਪਰਕ ਕੀਤਾ ਹੈ । ਇਥੇ ਦਸਣਯੋਗ ਹੈ ਕਿ ਭਾਈ ਨਰਿੰਦਰ ਸਿੰਘ ਰੰਧਾਵਾ ਵੈਨਕੂਵਰ ਵਿੱਚ ਭਾਰਤੀ ਕੌਂਸਲੇਟ ਦੇ ਬਾਹਰ ਪ੍ਰਦਰਸ਼ਨਾਂ ਵਿੱਚ ਹਿੱਸਾ ਲੈਂਦੇ ਹਨ । ਇਹ ਚੇਤਾਵਨੀ ਕੈਨੇਡਾ ਵਿੱਚ ਸਿੱਖ ਕਾਰਕੁਨਾਂ ਵਿਰੁੱਧ ਚੱਲ ਰਹੀਆਂ ਧਮਕੀਆਂ ਦੇ ਪਿਛੋਕੜ ਵਿੱਚ ਆਈ ਹੈ ਜੋ ਖਾਲਿਸਤਾਨ ਪੱਖੀ ਵਕਾਲਤ ਵਿੱਚ ਸ਼ਾਮਲ ਹਨ। ਸਿੱਖਾਂ ਅਤੇ ਕੈਨੇਡੀਅਨ ਸਰਕਾਰ ਨੇ ਜੂਨ 2023 ਵਿੱਚ ਹਰਦੀਪ ਸਿੰਘ ਨਿੱਝਰ ਦੀ ਹਾਈ- ਪ੍ਰੋਫਾਈਲ ਹੱਤਿਆ ਵਿੱਚ ਭਾਰਤ ਸਰਕਾਰ ਨੂੰ ਸ਼ਾਮਲ ਕੀਤਾ ਹੈ, ਜਿਸਦਾ ਭਾਰਤ ਸਰਕਾਰ ਨੇ ਇਨਕਾਰ ਕੀਤਾ ਹੈ। ਭਾਈ ਰੰਧਾਵਾ ਨੇ ਕਿਹਾ ਉਨ੍ਹਾਂ ਵਲੋਂ ਮੇਰੀ ਆਵਾਜ਼ ਨੂੰ ਰੋਕਣ, ਮੇਰੀ ਮੁਹਿੰਮ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿਵੇਂ ਕਿ ਜਨਮਤ ਸੰਗ੍ਰਹਿ ਅਤੇ ਵਿਰੋਧ। ਮੈਂ ਡਰਿਆ ਨਹੀਂ ਹਾਂ ਅਤੇ ਮੈਂ ਆਪਣੀ ਮੁਹਿੰਮ ਜਾਰੀ ਰੱਖਾਂਗਾ। ਭਾਈ ਰੰਧਾਵਾ ਅਤੇ ਉਸਦੇ ਦੋਸਤ, ਭਾਈ ਮਨਜਿੰਦਰ ਸਿੰਘ, ਹਰ ਮਹੀਨੇ ਦੀ 18 ਤਰੀਕ ਨੂੰ ਵੈਨਕੂਵਰ ਵਿੱਚ ਭਾਰਤੀ ਕੌਂਸਲੇਟ ਦੇ ਸਾਹਮਣੇ ਮਾਸਿਕ ਵਿਰੋਧ ਪ੍ਰਦਰਸ਼ਨ ਕਰਦੇ ਹਨ।

### ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਪੰਜਾਬ ਵੱਲੋਂ ਖਾਲਸਾ ਸਾਜਣਾ ਦਿਵਸ ਮੌਕੇ

# ਦਮਦਮਾ ਸਾਹਿਬ ਵਿਖੇ ਲਗਾਇਆ ਗਿਆ ਦਸਤਾਰਾਂ ਦਾ ਲੰਗਰ: ਅਤਲਾ

ਨਵੀਂ ਦਿੱਲੀ 16 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਪੰਜਾਬ ਵੱਲੋਂ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਸਿੱਖੀ ਨੂੰ ਪ੍ਰਫੁਲਿੱਤ ਕਰਨ ਲਈ ਦਸਤਾਰ ਸਿਖਲਾਈ ਕੈਂਪ ਲਗਾਇਆ ਅਤੇ ਕੇਸ ਕਤਲ ਨਾਂ ਕਰਨ ਵਾਲੇ ਨੋਜਵਾਨਾਂ ਨੂੰ ਫ੍ਰੀ ਦਸਤਾਰਾਂ ਦਿੱਤੀਆਂ ਗਈਆ। ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਸੁਖਚੈਨ ਸਿੰਘ ਅਤਲਾ ਨੇ ਦੱਸਿਆ ਕਿ ਸੰਸਥਾ ਵੱਲੋਂ ਨੌਜਵਾਨਾਂ ਤੇ ਬੱਚਿਆਂ ਨੂੰ ਦਸਤਾਰ ਸਜਾਉਣ ਦੀ ਸਿਖਲਾਈ ਦਿੱਤੀ ਗਈ ਅਤੇ ਸਿੱਖੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਕਿਹਾ ਦਸਤਾਰ ਗੁਰੂ ਸਾਹਿਬ ਵੱਲੋਂ ਸਿੱਖ ਨੂੰ ਦਿੱਤਾ ਗਿਆ ਇੱਕ ਤਾਜ ਹੈ। ਇਹ ਸਿੱਖ ਦੇ ਗੁਰੂ ਪ੍ਰਤੀ ਸਮਰਪਣ ਅਤੇ ਸਤਿਕਾਰ ਨੂੰ ਦਰਸਾਉਂਦੀ ਹੈ। ਇਹ ਸਿੱਖ ਨੂੰ ਆਤਮ-ਵਿਸ਼ਵਾਸ ਅਤੇ ਸਵੈ-ਮਾਣ ਬਖ਼ਸ਼ਦੀ ਹੈ। ਦਸਤਾਰ ਸਜਾਉਣ ਵਾਲਾ ਸਿੱਖ ਹਜ਼ਾਰਾਂ ਦੀ ਭੀੜ ਵਿੱਚੋਂ ਅਲੱਗ ਪਛਾਣਿਆ ਜਾਂਦਾ ਹੈ। ਦਸਤਾਰ ਸਿੱਖ ਨੂੰ ਉਸ ਦੇ ਫ਼ਰਜ਼ਾਂ ਦੀ ਯਾਦ ਦਿਵਾਉਂਦੀ ਹੈ, ਜਿਵੇਂ ਕਿ ਸੱਚ 'ਤੇ ਚੱਲਣਾ ਅਤੇ ਮਜ਼ਲੂਮਾਂ ਦੀ ਰੱਖਿਆ ਕਰਨਾ ਉਨ੍ਹਾਂ ਦਸਿਆ ਇਸ ਕੈਂਪ ਵਿੱਚ 300 ਤੋਂ ਵੱਧ ਬੱਚੇ ਤੇ ਨੌਜਵਾਨਾਂ ਨੂੰ ਦਸਤਾਰਾਂ ਵੰਡੀਆਂ ਗਈਆਂ। ਉਨ੍ਹਾਂ ਕਿਹਾ ਕਿ ਹੁਣ ਬੱਚਿਆਂ ਤੇ ਨੌਜਵਾਨਾਂ ਵਿਚ ਦਸਤਾਰਾਂ ਸਜਾਉਣ ਦਾ ਰੁਝਾਨ ਵਧਦਾ ਜਾ ਰਿਹਾ ਹੈ ਕਿਉਂਕਿ ਦਸਤਾਰ ਸਾਡੀ ਸ਼ਾਨ ਅਤੇ ਪਹਿਚਾਣ ਹੈ। ਇਸ ਮੌਕੇ ਅੰਮ੍ਰਿਤਪਾਲ ਸਿੰਘ ਸਿੱਧੂ ਲੋਗੋਂਵਾਲ, ਬਲਦੇਵ ਸਿੰਘ ਸਾਹਨੇਵਾਲੀ, ਬਹਾਦਰ ਸਿੰਘ ਦੋਦੜਾ, ਮਨਜਿੰਦਰ ਸਿੰਘ ਭਾਊ ਹੋਡਲਾ ਅਤੇ ਦਸ਼ਮੇਸ਼ ਲੰਗਰ ਕਮੇਟੀ ਬਲਾਕ ਭੀਖੀ ਦੀ ਟੀਮ ਹਾਜ਼ਰ ਸੀ।

**ਦਸਤਾਰ ਸਿੱਖ ਨੂੰ ਉਸ ਦੇ ਫ਼ਰਜ਼ਾਂ ਦੀ ਦਿਵਾਉਂਦੀ ਹੈ ਯਾਦ**



# ਬਿਹਾਰ ਦੇ ਮੁੱਖ ਮੰਤਰੀ ਸਮਰਾਟ ਚੌਧਰੀ ਨੇ ਤਖ਼ਤ ਪਟਨਾ ਸਾਹਿਬ ਵਿਖੇ ਮੱਥਾ ਟੇਕ ਕੇ ਗੁਰੂ ਮਹਾਰਾਜ ਦਾ ਕੀਤਾ ਸ਼ੁਕਰਾਨਾ



**ਨਵੀਂ ਦਿੱਲੀ, 16 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**-ਬਿਹਾਰ ਦੇ ਨਵੇਂ ਨਿਯੁਕਤ ਮੁੱਖ ਮੰਤਰੀ ਸਮਰਾਟ ਚੌਧਰੀ ਨੇ ਮੁੱਖ ਮੰਤਰੀ ਵਜੋਂ ਸ਼ਪਥ ਲੈਣ ਤੋਂ ਬਾਅਦ ਅੱਜ ਤਖ਼ਤ ਪਟਨਾ ਸਾਹਿਬ ਵਿਖੇ ਮੱਥਾ ਟੇਕ ਕੇ ਗੁਰੂ ਮਹਾਰਾਜ ਦਾ ਸ਼ੁਕਰਾਨਾ ਕੀਤਾ। ਤਖ਼ਤ ਪਟਨਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਬਲਦੇਵ ਸਿੰਘ ਵੱਲੋਂ ਉਨ੍ਹਾਂ ਨੂੰ ਸਿਰੋਪਾ ਭੇਂਟ ਕੀਤਾ ਗਿਆ। ਤਖ਼ਤ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਜਨਰਲ ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਲਖਵਿੰਦਰ ਸਿੰਘ ਅਤੇ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਵੱਲੋਂ ਉਨ੍ਹਾਂ ਨੂੰ ਕਿਰਪਾਨ, ਯਾਦਗਾਰੀ ਚਿੰਨ੍ਹ ਅਤੇ ਇਤਿਹਾਸ ਦੀ ਕਿਤਾਬ ਭੇਂਟ ਕੀਤੀ ਗਈ। ਤਖ਼ਤ ਸਾਹਿਬ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਅਤੇ ਸਕੱਤਰ ਇੰਦਰਜੀਤ ਸਿੰਘ ਨੇ ਦੱਸਿਆ ਕਿ ਸਮਰਾਟ ਚੌਧਰੀ ਪਹਿਲਾਂ ਵੀ ਕਈ ਵਾਰ ਤਖ਼ਤ ਸਾਹਿਬ ਵਿਖੇ ਮੱਥਾ ਟੇਕ ਚੁੱਕੇ ਹਨ, ਪਰ ਮੁੱਖ ਮੰਤਰੀ ਬਣਨ ਤੋਂ ਬਾਅਦ ਇਹ ਉਨ੍ਹਾਂ ਦੀ ਪਹਿਲੀ ਯਾਤਰਾ ਸੀ ਜਿੱਥੇ ਉਨ੍ਹਾਂ ਨੇ ਗੁਰੂ ਮਹਾਰਾਜ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਤੇ ਮਾਣਯੋਗ ਮੁੱਖ ਮੰਤਰੀ ਨੇ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਸਾਹਿਬ ਕੌਰ ਜੀ ਦੇ ਜੋੜਾ ਸਾਹਿਬ ਅਤੇ ਮਾਤਾ ਗੁਜਰੀ ਜੀ ਦੇ ਪਵਿੱਤਰ ਕੂਏਂ ਦੇ ਵੀ ਦਰਸ਼ਨ ਕੀਤੇ। ਉਨ੍ਹਾਂ ਨੇ ਕਿਹਾ ਕਿ ਸਾਨੂੰ ਪੂਰਾ ਵਿਸ਼ਵਾਸ ਹੈ ਕਿ ਮੁੱਖ ਮੰਤਰੀ ਨੀਤੀਸ਼ ਕੁਮਾਰ ਦੇ ਸਮੇਂ ਵਿੱਚ ਜਿਵੇਂ ਤਖ਼ਤ ਸਾਹਿਬ ਨੂੰ ਸਰਕਾਰ ਵੱਲੋਂ ਸਹਿਯੋਗ ਮਿਲਦਾ ਰਿਹਾ ਹੈ, ਉਸੇ ਤਰ੍ਹਾਂ ਸਮਰਾਟ ਚੌਧਰੀ ਵੱਲੋਂ ਵੀ ਜਾਰੀ ਰਹੇਗਾ, ਕਿਉਂਕਿ ਉਨ੍ਹਾਂ ਦੀ ਭਗਤੀ ਵੀ ਗੁਰੂ ਘਰ ਨਾਲ ਜੁੜੀ ਹੋਈ ਹੈ। ਉਨ੍ਹਾਂ ਨੇ ਦੱਸਿਆ ਕਿ ਮਾਣਯੋਗ ਮੁੱਖ ਮੰਤਰੀ ਨੇ ਤਖ਼ਤ ਸਾਹਿਬ ਕਮੇਟੀ ਨੂੰ ਭਰੋਸਾ ਦਿੱਤਾ ਹੈ ਕਿ ਸੰਗਤ ਦੀ ਸੁਵਿਧਾ ਲਈ ਚੱਲ ਰਹੇ ਸਾਰੇ ਕੰਮਾਂ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ ਅਤੇ ਭਵਿੱਖ ਵਿੱਚ ਤਖ਼ਤ ਸਾਹਿਬ ਦੇ ਵਿਕਾਸ ਲਈ ਨਵੇਂ ਪ੍ਰੋਜੈਕਟ ਸ਼ੁਰੂ ਕੀਤੇ ਜਾਣਗੇ, ਤਾਂ ਜੋ ਦੇਸ਼ ਅਤੇ ਵਿਦੇਸ਼ ਤੋਂ ਦਰਸ਼ਨ ਲਈ ਆਉਣ ਵਾਲੀ ਸੰਗਤ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

# ਸੇਵਾ ਮੁਕਤ ਪਟਵਾਰੀ ਕਾਨੂੰਗੋ ਤਹਿਸੀਲਦਾਰ ਵੈਲਫੇਅਰ ਐਸੋਸੀਏਸ਼ਨ ਵੱਲੋਂ ਆਪਣੀਆਂ ਹੱਕੀ ਮੰਗਾਂ ਸੰਬੰਧੀ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੂੰ ਮੰਗ ਪੱਤਰ ਸੌਂਪਿਆ ਗਿਆ ਪ੍ਰਧਾਨ ਬਾਜਵਾ



**ਜੰਡਿਆਲਾ ਗੁਰੂ, 16 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਅੱਜ ਸੇਵਾ ਮੁਕਤ ਪਟਵਾਰੀ ਕਾਨੂੰਗੋ, ਨਾਇਬ ਤਹਿਸੀਲਦਾਰ ਵੈਲਫੇਅਰ ਐਸੋਸੀਏਸ਼ਨ ਜਿਲ੍ਹਾ ਅੰਮ੍ਰਿਤਸਰ ਵੱਲੋਂ ਡਿਪਟੀ ਕਮਿਸ਼ਨਰ ਸ੍ਰ: ਦਲਵਿੰਦਰਜੀਤ ਸਿੰਘ ਅੰਮ੍ਰਿਤਸਰ ਨੂੰ ਆਪਣੀਆਂ ਹੱਕੀ ਮੰਗਾਂ ਸੰਬੰਧੀ ਮੰਗ ਪੱਤਰ ਸੌਂਪਿਆ ਗਿਆ, ਇਸ ਮੰਗ ਪੱਤਰ ਸਬੰਧੀ ਜਾਣਕਾਰੀ ਸਾਂਝੀ ਕਰਦਿਆ ਹੋਇਆ ਪ੍ਰਧਾਨ ਸ੍ਰ ਨਿਰਮਲਜੀਤ ਸਿੰਘ ਬਾਜਵਾ ਨੇ ਕਿਹਾ ਕਿ ਲੰਮੇ ਸਮੇਂ ਸਾਡੀਆਂ ਮੁਲਾਜਮਾਂ ਦੀਆਂ ਹੱਕੀ ਮੰਗਾਂ ਨੂੰ ਸਮੇਂ ਸਮੇਂ ਤੇ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਜਾ ਰਿਹਾ ਅਤੇ ਅੱਜ ਵੱਖ-ਵੱਖ ਅਹੁਦਿਆਂ ਤੋਂ ਸੇਵਾ ਮੁਕਤ ਹੋਏ ਮੁਲਾਜਮਾਂ ਵੱਲੋਂ ਅੱਜ ਸਰਕਾਰ ਦੇ ਨਾ ਤੇ ਡਿਪਟੀ ਕਮਿਸਨਰ ਅੰਮ੍ਰਿਸਰ ਜੀ ਨੂੰ ਪੱਤਰ ਸੌਂਪਿਆ ਗਿਆ ਹੈ ! ਅਤੇ ਅਸੀਂ ਆਸ ਕਰਦੇ ਹਾਂ ਕਿ ਸਰਕਾਰ ਇਨਾਂ ਮੰਗਾਂ ਤੇ ਵਿਚਾਰ ਕਰਕੇ ਜਲਦ ਤੋਂ ਜਲਦ ਇਨਾਂ ਮੰਗਾਂ ਨੂੰ ਪ੍ਰਵਾਨ ਕਰੇਗੀ ! ਜਿਸ ਤੇ ਅਸੀਂ ਸਰਕਾਰ ਦਾ ਧੰਨਵਾਦ ਕਰਾਂਗੇ ! ਇਸ ਮੌਕੇ ਪ੍ਰਧਾਨ ਸ੍ਰ ਨਿਰਮਲਜੀਤ ਸਿੰਘ ਬਾਜਵਾ, ਕੁਲਵੰਤ ਸਿੰਘ ਡੇਹਰੀਵਾਲ, ਸ੍ਰ ਮੇਜਰ ਸਿੰਘ ਭੌਮਾ ,ਜਤਿੰਦਰ ਕੁਮਾਰ, ਪਰਸਨ ਸਿੰਘ ਆਦਿ ਹਾਜਰ ਹਨ।

# ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅਤੇ ਇਸ਼ਾਂਕ ਕੁਮਾਰ ਨੇ ਦਾਣਾ ਮੰਡੀ 'ਚ ਸ਼ੁਰੂ ਕਰਵਾਈ ਕਣਕ ਦੀ ਖਰੀਦ

**ਹੁਸ਼ਿਆਰਪੁਰ :** ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅਤੇ ਵਿਧਾਇਕ ਡਾ. ਇਸ਼ਾਂਕ ਕੁਮਾਰ ਚੱਬੇਵਾਲ ਨੇ ਸਥਾਨਕ ਦਾਣਾ ਮੰਡੀ ਵਿਖੇ ਕਣਕ ਦੀ ਖਰੀਦ ਸ਼ੁਰੂ ਕਰਵਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਵਚਨਬੱਧ ਹੈ ਅਤੇ ਮੰਡੀਆਂ ਵਿਚ ਫ਼ਸਲ ਦੀ ਵਿਕਰੀ ਦੌਰਾਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅਤੇ ਵਿਧਾਇਕ ਡਾ. ਇਸ਼ਾਂਕ ਕੁਮਾਰ ਚੱਬੇਵਾਲ ਨੇ ਪਿੰਡ ਡਾਡਾ ਦੇ ਕਿਸਾਨ ਬਲਵਿੰਦਰ ਸਿੰਘ ਦੀ ਢੇਰੀ ਦੀ ਖਰੀਦ ਕਰਵਾਉਂਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਰਾਜ ਸਰਕਾਰ ਨੇ ਕਈ ਅਹਿਮ ਕਿਸਾਨ ਪੱਖੀ ਫੈਸਲਿਆਂ 'ਤੇ ਮੋਹਰ ਲਾਈ ਹੈ ਜਿਸ ਨਾਲ ਸੂਬੇ ਭਰ ਵਿਚ ਕਿਸਾਨਾਂ ਨੂੰ ਬੇਹੱਦ ਲਾਭ ਮਿਲ ਰਿਹਾ ਹੈ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਨੇ ਦੇਸ਼ ਦੇ ਅੰਨ ਭੰਡਾਰ ਭਰਨ ਵਿਚ ਹਮੇਸ਼ਾ ਮੋਹਰੀ ਭੂਮਿਕਾ ਨਿਭਾਈ ਹੈ ਅਤੇ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਦੀ ਖਰੀਦ ਬਦਲੇ ਨਿਰਧਾਰਤ ਸਮੇਂ ਦੇ ਵਿੱਚ-ਵਿੱਚ ਅਦਾਇਗੀਆਂ ਨੂੰ ਯਕੀਨੀ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਵੀ ਤਾਕੀਦ ਕੀਤੀ ਗਈ ਹੈ ਕਿ ਮੰਡੀਆਂ ਵਿਚ ਪੁਖਤਾ ਪ੍ਰਬੰਧਾਂ ਦੀ ਲਗਾਤਾਰਤਾ ਨੂੰ ਬਰਕਰਾਰ ਰੱਖਿਆ ਜਾਵੇ ਤਾਂ ਜੋ ਕਿਸਾਨਾਂ ਨੂੰ ਫ਼ਸਲ ਦੀ ਸਮੇਂ ਸਿਰ ਖਰੀਦ ਦੇ ਨਾਲ-ਨਾਲ ਲਿਫਟਿੰਗ ਵੀ ਨਾਲੋ-ਨਾਲ ਹੋ ਸਕੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸ਼ਲਾਘਾ ਦੇ ਪਾਤਰ ਹਨ ਜਿਨ੍ਹਾਂ ਦੀਆਂ ਕੋਸ਼ਿਸ਼ਾ ਸਦਕਾ 2022 ਤੋਂ ਲਗਾਤਾਰ ਕਿਸਾਨਾਂ ਦੀਆਂ ਫ਼ਸਲਾਂ ਨੂੰ ਬਿਨ੍ਹਾਂ ਕਿਸੇ ਅੜਚਨ ਸੁਚੱਜੇ ਢੰਗ ਨਾਲ ਖਰੀਦਿਆ ਜਾ ਰਿਹਾ ਹੈ।

ਜਗਰਾਉਂ ਵਿਖੇ ਸੁਖਬੀਰ ਸਿੰਘ ਬਾਦਲ ਨੇ ਕੀਤਾ

# ਵ੍ਰਿੰਦਾਵਨ ਹਾਦਸੇ ਦੇ ਪੀੜ੍ਹਤ ਪਰਿਵਾਰਾਂ ਨਾਲ ਦੁੱਖ ਸਾਂਝਾ







**ਜਗਰਾਉ (ਵਰਿਆਮ ਹਠੂਰ)**-ਵ੍ਰਿੰਦਾਵਨ ਵਿਖੇ ਵਾਪਰੇ ਹਾਦਸੇ ਦੀ ਘਟਨਾ ਨੂੰ ਲੈ ਕੇ ਪੂਰੇ ਜਗਰਾਉਂ ਸ਼ਹਿਰ ਅੰਦਰ ਸੋਗ ਦਾ ਮਹੌਲ ਬਣਿਆ ਹੋਇਆ ਹੈ ਇਸ ਘਟਨਾ ਵਿਚ ਸ਼ਹਿਰ ਦੇ ਨਾਮੀ ਪਰਿਵਾਰ ਨਰੇਸ਼ ਕਟਾਰੀਆ ਰਾਜੂ ਦਾ ਬੇਟਾ ਇਸ਼ਾਨ ਕਟਾਰੀਆ, ਮਸ਼ਹੂਰ ਕਾਲਾ ਬੁੱਕ ਸਟਾਲ ਦੇ ਮਾਲਕ ਚਰਨਜੀਤ ਸਿੰਘ ਕਾਲਾ ਬਹਿਲ, ਉਹਨਾਂ ਦੀ ਧਰਮ ਪਤਨੀ ਚੰਦਨ ਬਹਿਲ (ਪਿੰਕੀ), ਕਵਿਤਾ ਬਹਿਲ ਤੇ ਉਹਨਾਂ ਦਾ ਬੇਟਾ ਮਧੁਰ ਬਹਿਲ ਅਤੇ ਓਮੇਸ਼ ਸ਼ਰਮਾ ਦੇ ਬੇਟੇ ਰਿਸ਼ਭ ਸ਼ਰਮਾ ਦੀ ਮੌਤ ਨਾਲ ਸ਼ਹਿਰ ਵਾਸੀ ਡੂੰਘੇ ਸਦਮੇ ਵਿਚ ਹਨ ਇਸ ਦੁੱਖ ਦੀ ਘੜੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਉਚੇਚੇ ਤੌਰ 'ਤੇ ਸਹਿਰ ਜਗਰਾਉ ਪੁੱਜੇ ਜਿੱਥੇ ਸ: ਸੁਖਬੀਰ ਸਿੰਘ ਬਾਦਲ ਨੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨਾਲ ਦੁੱਖ ਸਾਂਝਾ ਕੀਤਾ, ਇਸ ਮੌਕੇ ਸ: ਸੁਖਬੀਰ ਸਿੰਘ ਬਾਦਲ ਨੇ ਆਖਿਆ ਕਿ ਇਸ ਵੱਡੇ ਹਾਦਸੇ ਨੇ ਪੂਰਾ ਪੰਜਾਬ ਕੰਬਾ ਕੇ ਰੱਖ ਦਿੱਤਾ। ਉਨ੍ਹਾਂ ਆਖਿਆ ਕਿ ਇਸ ਤਰਾਂ ਇੱਕੋ ਸ਼ਹਿਰ ਵਿੱਚੋਂ ਅਚਨਚੇਤ 6 ਲੋਕਾਂ ਦਾ ਤੁਰ ਜਾਣਾ ਬੇਹੱਦ ਉਦਾਸ ਤੇ ਦਿਲ ਨੂੰ ਝਿੰਜੋੜਨ ਵਾਲਾ ਹੈ। ਉਨ੍ਹਾਂ ਉੱਤਰ ਪ੍ਰਦੇਸ਼ ਸਰਕਾਰ ਦੀ ਕਾਰਗੁਜਾਰੀ 'ਤੇ ਸਵਾਲ ਖੜ੍ਹੇ ਕੀਤੇ ਹਨ ਅਤੇ ਭਾਰਤ ਸਰਕਾਰ ਨੂੰ ਅਪੀਲ ਕੀਤੀ ਕੇ ਜਿਵੇਂ ਦੋ ਪਹੀਆ ਵਾਹਨਾਂ 'ਤੇ ਹੈਲਮਟ ਪਾਉਣਾ ਕਾਨੂੰਨੀ ਤੌਰ 'ਤੇ ਲਾਜ਼ਮੀ ਕੀਤਾ ਗਿਆ ਹੈ, ਉਸੇ ਤਰ੍ਹਾਂ ਦਰਿਆਵਾਂ, ਨਹਿਰਾਂ ਅਤੇ ਜਿੱਥੇ ਵੀ ਬੋਟਿੰਗ ਜਾਂ ਪਾਣੀ ਨਾਲ ਸੰਬੰਧਿਤ ਗਤੀਵਿਧੀਆਂ ਹੁੰਦੀਆਂ ਹਨ, ਉੱਥੇ ਲਾਈਫ ਜੈਕਟ ਪਾਉਣਾ ਵੀ ਲਾਜ਼ਮੀ ਕੀਤਾ ਜਾਣਾ ਚਾਹੀਦਾ ਹੈ। ਲੋਕਾਂ ਦੀ ਜਾਨ ਦੀ ਸੁਰੱਖਿਆ ਨੂੰ ਮੱਦੇਨਜ਼ਰ ਰੱਖਦਿਆਂ ਇਸ ਨੂੰ ਕਾਨੂੰਨੀ ਰੂਪ ਦਿੱਤਾ ਜਾਵੇ। ਹਾਲ ਹੀ ਵਿੱਚ ਹੋ ਰਹੀਆਂ ਦੁਰਘਟਨਾਵਾਂ ਨੇ ਇਹ ਗੱਲ ਸਾਬਤ ਕਰ ਦਿੱਤੀ ਹੈ ਕਿ ਸੁਰੱਖਿਆ ਦੇ ਪ੍ਰਬੰਧ ਹੋਰ ਮਜ਼ਬੂਤ ਕਰਨ ਦੀ ਲੋੜ ਹੈ। ਜੇਕਰ ਇਸ ਤਰ੍ਹਾਂ ਦੇ ਕਾਨੂੰਨ ਲਾਗੂ ਕੀਤੇ ਜਾਂਦੇ ਹਨ, ਤਾਂ ਕਈ ਕੀਮਤੀ ਜਾਨਾਂ ਨੂੰ ਬਚਾਇਆ ਜਾ ਸਕਦਾ ਹੈ। ਸ: ਬਾਦਲ ਨੇ ਆਖਿਆ ਕਿ ਘਟਨਾ ਨਾਲ ਜੁੜੀਆਂ ਊਣਤਾਈਆਂ ਦਾ ਜੱਗ ਜਾਹਿਰ ਹੋਣਾ ਸਰਕਾਰ ਦੀ ਵੱਡੀ ਨਕਾਮੀ ਦਾ ਸਬੂਤ ਹੈ। ਸ: ਬਾਦਲ ਨੇ ਆਖਿਆ ਕਿ ਸਰਕਾਰਾਂ ਲਈ ਇਹ ਸੁਭਾਵਿਕ ਘਟਨਾ ਹੋ ਸਕਦੀ ਹੈ ਪ੍ਰੰਤੂ ਜਿੰਨ੍ਹਾਂ ਘਰਾਂ ਦੇ ਜੀਅ ਤੁਰ ਗਏ ਹਨ ਉਨ੍ਹਾਂ ਦਾ ਹਾਲ ਪੁੱਛਿਆ ਹੀ ਜਾਣੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਪੀੜ੍ਹਤ ਪਰਿਵਾਰਾਂ ਲਈ ਯੋਗ ਰਾਹਤ ਫੰਡ ਜਾਰੀ ਕਰਨਾ ਚਾਹੀਦਾ ਹੈ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਸ੍ਰੀ ਐੱਸ.ਆਰ.ਕਲੇਰ ਸਾਬਕਾ ਮੰਤਰੀ ਮਹੇਸ਼ਿੰਦਰ ਸਿੰਘ ਗਰੇਵਾਲ, ਸਾਬਕਾ ਮੰਤਰੀ ਸ਼ਰਨਜੀਤ ਸਿੰਘ ਢਿੱਲੋਂ, ਐਸ.ਜੀ.ਪੀ.ਸੀ.ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਜਸਕਰਨ ਸਿੰਘ ਦਿਓਲ ਹਲਕਾ ਇੰਚਾਰਜ ਦਾਖਾ, ਹਰਪ੍ਰੀਤ ਸਿੰਘ ਸਿਮਕ ਹਲਕਾ ਇੰਚਾਰਜ ਗਿੱਲ, ਜ਼ਿਲ੍ਹਾ ਪ੍ਰਧਾਨ ਸ.ਚੰਦ ਸਿੰਘ ਡੱਲਾ, ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਲ ਜਗਰਾਓਂ ਦਵਿੰਦਰਜੀਤ ਸਿੰਘ ਸਿੱਧੂ, ਸਾਬਕਾ ਚੇਅਰਮੈਨ ਸ. ਦੀਦਾਰ ਸਿੰਘ ਮਲਕ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਚਰਨਜੀਤ ਸਿੰਘ ਜਗਰਾਓਂ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਐਸ ਸੀ ਵਿੰਗ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ, ਆਈ ਟੀ ਵਿੰਗ ਹਲਕਾ ਕੋਆਡੀਨੇਟਰ ਗੁਰਪ੍ਰੀਤ ਸਿੰਘ ਬੱਸੂਵਾਲ, ਸੀਨੀਅਰ ਯੂਥ ਆਗੂ ਸੰਦੀਪ ਸਿੰਘ ਮੱਲ੍ਹਾ, ਸੀਨੀਅਰ ਅਕਾਲੀ ਆਗੂ ਪ੍ਰਭਜੋਤ ਸਿੰਘ ਧਾਲੀਵਾਲ, ਸੀਨੀਅਰ ਅਕਾਲੀ ਆਗੂ ਗੁਰਿੰਦਰਜੀਤ ਸਿੰਘ ਰੂੰਮੀ, ਸੀਨੀਅਰ ਅਕਾਲੀ ਆਗੂ ਹਰਦੇਵ ਸਿੰਘ ਬੌਬੀ, ਸੀਨੀਅਰ ਅਕਾਲੀ ਆਗੂ ਸਤਨਾਮ ਸਿੰਘ ਬੱਸੂਵਾਲ, ਪ੍ਰਧਾਨ ਅਮਰਜੀਤ ਸਿੰਘ ਰਸੂਲਪੁਰ, ਸਰਪੰਚ ਜਸਵੀਰ ਸਿੰਘ ਦੇਹੜਕਾ, ਪ੍ਰਧਾਨ ਬੂਟਾ ਸਿੰਘ ਭੰਮੀਪੁਰਾ, ਸਾਬਕਾ ਸਰਪੰਚ ਸੁਰਿੰਦਰ ਸਿੰਘ ਪਰਜੀਆ ਬਿਹਾਰੀਪੁਰ, ਯੂਥ ਆਗੂ ਹਰਦੀਪ ਸਿੰਘ ਮਾਣੂੰਕੇ, ਜਗਜੀਤ ਸਿੰਘ ਡੱਲਾ, ਡਾਇਰੈਕਟਰ ਬਲਜੀਤ ਸਿੰਘ ਹਠੂਰ ਪਰਮਿੰਦਰ ਸਿੰਘ ਕੰਬੋ ਹਠੂਰ ਆਦਿ ਹਾਜ਼ਰ ਸਨ।

**ਪੀੜ੍ਹਤ ਪਰਿਵਾਰਾਂ ਲਈ ਯੋਗ ਰਾਹਤ ਫੰਡ ਜਾਰੀ ਕਰਨਾ ਚਾਹੀਦਾ ਹੈ-ਸੁਖਬੀਰ ਸਿੰਘ ਬਾਦਲ**

ਆਵਾਜ਼ਿ ਕੌਮ AWAZE QAUM International Newspaper & WEB TV

# ਸੁਦੇਸ਼ ਵਾਟਿਕਾ ਕਨਵੈਂਟ ਸਕੂਲ ਦਾ 10ਵੀਂ ਕਲਾਸ ਦਾ ਸ਼ਾਨਦਾਰ ਨਤੀਜਾ













ਤਲਵੰਡੀ ਸਾਬੋ, 16 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਸੁਦੇਸ਼ ਵਾਟਿਕਾ ਕਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਸੀਬੀਐਸਈ ਬੋਰਡ ਦੀ 10ਵੀਂ ਕਲਾਸ ਦੇ ਨਤੀਜਿਆਂ ਵਿੱਚ ਬੇਹੱਦ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸਾਲ ਸਕੂਲ ਦਾ ਨਤੀਜਾ 100% ਰਿਹਾ, ਜੋ ਕਿ ਸਕੂਲ ਲਈ ਮਾਣ ਦੀ ਗੱਲ ਹੈ। ਇਸ ਪ੍ਰੀਖਿਆ ਵਿੱਚ ਭੂਮੀ ਅੱਗਰਵਾਲ ਨੇ 94% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਹਰਸ਼ਿੰਦਰ ਕੌਰ ਨੇ 91% ਅੰਕ ਲੈ ਕੇ ਦੂਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਗੁਰਲਾਲ ਸਿੰਘ ਅਤੇ ਮਿਹਕਦੀਪ ਕੌਰ ਨੇ 89% ਅੰਕ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਖੁਸ਼ੀ ਸਿਰੋਹੀ ਨੇ 82% ਅੰਕ ਹਾਸਲ ਕੀਤੇ, ਜਦਕਿ ਮਨਵੀਰ ਕੌਰ ਨੇ 80% ਅੰਕ ਲੈ ਕੇ ਚੰਗਾ ਨਤੀਜਾ ਪ੍ਰਾਪਤ ਕੀਤਾ। ਸਕੂਲ ਦੇ ਪ੍ਰਿੰਸੀਪਲ ਅਤੇ ਸਟਾਫ ਨੇ ਸਾਰੇ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਚਮਕਦਾਰ ਭਵਿੱਖ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ। ਸਕੂਲ ਪ੍ਰਬੰਧਕਾਂ ਨੇ ਅਧਿਆਪਕਾਂ ਅਤੇ ਮਾਪਿਆਂ ਦੇ ਸਹਿਯੋਗ ਨੂੰ ਵੀ ਇਸ ਕਾਮਯਾਬੀ ਦਾ ਸਹਿਰ ਦਿੱਤਾ। ਇਹ ਨਤੀਜਾ ਸਕੂਲ ਦੀ ਉੱਚ-ਗੁਣਵੱਤਾ ਵਾਲੀ ਸਿੱਖਿਆ ਅਤੇ ਵਿਦਿਆਰਥੀਆਂ ਦੀ ਲਗਨ ਦਾ ਪ੍ਰਤੀਕ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਭਗਵਾਨ ਪਰਸ਼ੂਰਾਮ ਜਯੰਤੀ ਸਬੰਧੀ ਬ੍ਰਾਹਮਣ ਸਭਾ ਦੀ ਅਹਿਮ ਬੈਠਕ—ਤਿਆਰੀਆਂ ਨੂੰ ਦਿੱਤਾ ਅੰਤਿਮ ਰੂਪ



ਫ਼ਿਰੋਜ਼ਪੁਰ, 16 ਅਪ੍ਰੈਲ (ਮਨੋਹਰ ਲਾਲ) :— ਸ੍ਰੀ ਬ੍ਰਾਹਮਣ ਸਭਾ ਇੱਛੇ ਵਾਲਾ (ਫਿਰੋਜ਼ਪੁਰ ਸ਼ਹਿਰ) ਵੱਲੋਂ ਅੱਜ ਸ੍ਰੀ ਜਗਨਨਾਥ ਜੰਜ ਘਰ ਵਿਖੇ ਇੱਕ ਵਿਸ਼ੇਸ਼ ਬੈਠਕ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਦਾ ਮੁੱਖ ਮਕਸਦ ਆਉਣ ਵਾਲੀ ਭਗਵਾਨ ਪਰਸ਼ੂਰਾਮ ਜਯੰਤੀ ਨੂੰ ਬਹੁਤ ਹੀ ਸ਼ਾਨਦਾਰ ਅਤੇ ਸੁਚੱਜੇ ਢੰਗ ਨਾਲ ਮਨਾਉਣ ਲਈ ਰਣਨੀਤੀ ਤਿਆਰ ਕਰਨਾ ਸੀ। ਇਸ ਸਬੰਧੀ ਪ੍ਰਬੰਧਕਾਂ ਨੇ ਦੱਸਿਆ ਕਿ ਸਮਾਗਮਾਂ ਨੂੰ ਸਮਰਪਿਤ 19 ਅਪ੍ਰੈਲ ਨੂੰ ਜਯੰਤੀ ਮਨਾਈ ਜਾਵੇਗੀ, ਜਿਸ ਦੇ ਸਬੰਧ ਵਿਚ ਅੱਜ ਹੋਈ ਬੈਠਕ ਦੌਰਾਨ ਦੱਸਿਆ ਗਿਆ ਕਿ ਸਾਲ 2026 ਵਿੱਚ ਭਗਵਾਨ ਪਰਸ਼ੂਰਾਮ ਜਯੰਤੀ (ਅਕਸ਼ੈ ਤ੍ਰਿਤੀਆ) 19 ਅਪ੍ਰੈਲ 2026 ਦਿਨ ਐਤਵਾਰ ਨੂੰ ਬੜੀ ਸ਼ਰਧਾ ਨਾਲ ਮਨਾਈ ਜਾਵੇਗੀ। ਇਸ ਮੌਕੇ ਸਮਾਗਮ ਵਿੱਚ ਭਜਨ ਕੀਰਤਨ ਅਤੇ ਵਿਸ਼ਾਲ ਭੰਡਾਰੇ ਦਾ ਆਯੋਜਨ ਕੀਤਾ ਜਾਵੇਗਾ। ਸਭਾ ਦੇ ਜਨਰਲ ਸਕੱਤਰ ਪੰਡਿਤ ਹਰੀਰਾਮ ਖਿਦਰੀ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਬੰਧਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਗਮਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਕਮੇਟੀਆਂ ਦਾ ਗਠਨ ਕੀਤਾ ਗਿਆ ਅਤੇ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਵੱਖ—ਵੱਖ ਕਮੇਟੀਆਂ ਬਣਾਈਆਂ ਗਈਆਂ ਹਨ, ਜੋ ਸਵਾਗਤ, ਲੰਗਰ (ਭੰਡਾਰਾ) ਅਤੇ ਹੋਰ ਪ੍ਰਬੰਧਾਂ ਦੀ ਦੇਖ—ਰੇਖ ਕਰਨਗੀਆਂ। ਉਨ੍ਹਾਂ ਦੱਸਿਆ ਕਿ ਇਸ ਵਾਰ ਵੀ ਸਮਾਗਮ ਵਿੱਚ ਮਹਾਂਮੰਡਲੇਸ਼ਵਰ 1008 ਸਵਾਮੀ ਕਮਲ ਪੁਰੀ ਜੀ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ ਅਤੇ ਆਪਣੇ ਪ੍ਰਵਚਨਾਂ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਬੁਲਾਰਿਆਂ ਨੇ ਭਗਵਾਨ ਪਰਸ਼ੂਰਾਮ ਜੀ ਨੂੰ ਨਿਆਂ ਅਤੇ ਧਰਮ ਦੇ ਰੱਖਿਅਕ ਵਜੋਂ ਯਾਦ ਕਰਦਿਆਂ ਸਮਾਜ ਨੂੰ ਇੱਕਜੁੱਟ ਰਹਿਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਪ੍ਰਧਾਨ ਪੰਡਿਤ ਰਾਜੇਸ਼ ਦੱਤਾ, ਉਪ ਪ੍ਰਧਾਨ ਪ੍ਰੇਮ ਕੁਮਾਰ ਸ਼ਰਮਾ, ਪੰਡਿਤ ਸੁਨੀਲ ਸ਼ਰਮਾ, ਪੰਡਿਤ ਸਤੀਸ਼ ਸ਼ਰਮਾ, ਪੰਡਿਤ ਅਨਿਲ ਖਿਦਰੀ, ਪੰਡਿਤ ਸੂਰਜ ਸ਼ਰਮਾ, ਪੰਡਿਤ ਪ੍ਰੇਮ ਨਾਥ, ਪੰਡਿਤ ਹਨੀ ਪ੍ਰਭਾਕਰ, ਪੰਡਿਤ ਅਸ਼ੋਕ ਕੁਮਾਰ ਸ਼ਰਮਾ, ਪੰਡਿਤ ਡਿਪਟੀ ਸ਼ਰਮਾ ਅਤੇ ਪੰਡਿਤ ਰਜਿੰਦਰ ਸ਼ਰਮਾ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਰਾਮਦਾਸ ਪਬਲਿਕ ਸਕੂਲ ਦਾ ਨਤੀਜਾ 100 ਫੀਸਦੀ ਰਿਹਾ



HARSIMRAN KAUR BHULLAR



MEHAKDEEP KAUR



NAVKARAN KAUR



PRABHJOT KAUR

ਫ਼ਿਰੋਜ਼ਪੁਰ, 16 ਅਪ੍ਰੈਲ (ਮਨੋਹਰ ਲਾਲ) :— ਸਿੱਖਿਆ ਦੇ ਖੇਤਰ ਵਿਚ ਮੱਲਾਂ ਮਾਰਨ ਵਾਲੇ ਗੁਰੂ ਰਾਮਦਾਸ ਪਬਲਿਕ ਸਕੂਲ ਸ਼ਾਹਦੀਨ ਵਾਲਾ ਦਾ ਦਸਵੀਂ ਕਲਾਸ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਾਨਦਾਰ ਰਿਹਾ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਸੀ.ਬੀ.ਐਸ.ਈ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਕਲਾਸ ਦੇ ਨਤੀਜੇ ਵਿਚ ਸਮੂਹ ਬੱਚੇ ਸ਼ਾਨਦਾਰ ਅੰਕ ਲੈ ਕੇ ਪਾਸ ਹੋਏ, ਜਿਨ੍ਹਾਂ ਨੂੰ ਗੁਰਦੁਆਰਾ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਦੇ ਮੁੱਖ ਸੇਵਾਦਾਰ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਭਗਤ ਮਿਲਖਾ ਸਿੰਘ ਨੇ ਵਧਾਈ ਦਿੰਦੇ ਹੋਏ ਇਸ ਦਾ ਸਿਹਰਾ ਸਕੂਲ ਦੇ ਮਿਹਨਤੀ ਸਟਾਫ, ਪ੍ਰਬੰਧਕ ਕਮੇਟੀ, ਹੋਣਹਾਰ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਦਿੱਤਾ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਵਾਹਿਗੁਰੂ ਅੱਗੇ ਅਰਦਾਸ ਕੀਤੀ। ਸਕੂਲ ਦੇ ਮੈਨੇਜਰ ਇੰਦਰਪਾਲ ਸਿੰਘ ਨੇ ਦੱਸਿਆ ਕਿ ਸਕੂਲ ਦੇ ਦਸਵੀਂ ਕਲਾਸ ਦੇ 168 ਬੱਚਿਆਂ ਵਿਚੋਂ ਸਾਰੇ ਬੱਚਿਆਂ ਨੇ ਵਧੀਆ ਨੰਬਰ ਹਾਸਲ ਕੀਤੇ ਹਨ। ਉਨ੍ਹਾਂ ਕਿਹਾ ਕਿ ਨਵਕਰਨ ਕੌਰ 97.6ਫੀਸਦੀ, ਪ੍ਰਭਜੋਤ ਕੌਰ 96 ਫੀਸਦੀ, ਹਰਸਿਮਰਨ ਕੌਰ ਭੁੱਲਰ 94.2 ਫੀਸਦੀ, ਮਹਿਕਦੀਪ ਕੌਰ 94.2 ਫੀਸਦੀ, ਰਵਨੀਤ ਕੌਰ 93.8 ਫੀਸਦੀ, ਗੁਰਮਨ ਭੁੱਲਰ 93.4 ਫੀਸਦੀ, ਏਕਮਪ੍ਰੀਤ ਕੌਰ 92.8 ਫੀਸਦੀ, ਸੁਪਰੀਤ ਕੌਰ 90 ਫੀਸਦੀ, ਪ੍ਰਭਜੋਤ ਕੌਰ 89.8 ਫੀਸਦੀ, ਗੁਰਲੀਲ ਕੌਰ 89.4 ਫੀਸਦੀ, ਜਗਨਪ੍ਰੀਤ ਸਿੰਘ 89.2 ਫੀਸਦੀ, ਗੁਰਨੂਰ ਕੌਰ 89 ਫੀਸਦੀ, ਸਿਮਰਨਜੀਤ ਕੌਰ 88 ਫੀਸਦੀ, ਨਵਜੋਤ ਕੌਰ 87.8 ਫੀਸਦੀ, ਏਕਮਪ੍ਰੀਤ ਕੌਰ 86.6 ਫੀਸਦੀ, ਪਲਕ 86.6 ਫੀਸਦੀ, ਗੁਰਨੂਰ ਕੌਰ 86.4 ਫੀਸਦੀ, ਹਰਮੀਤ ਕੌਰ 86 ਫੀਸਦੀ, ਰੋਬਨਪ੍ਰੀਤ ਸਿੰਘ ਖਾਰਾ 86 ਫੀਸਦੀ, ਜ਼ਸਪ੍ਰੀਤ ਕੌਰ 85.4 ਫੀਸਦੀ ਅਤੇ ਸਤਵੰਤ ਸਿੰਘ 85 ਫੀਸਦੀ ਅੰਕ ਹਾਸਲ ਕੀਤੇ। ਇਸੇ ਤਰ੍ਹਾਂ ਪ੍ਰਭਜੋਤ ਕੌਰ, ਮਹਿਕਦੀਪ ਕੌਰ, ਸੁਪਰੀਮ ਕੌਰ, ਪ੍ਰਭਜੋਤ ਕੌਰ ਨੇ ਪੰਜਾਬੀ ਵਿਸ਼ੇ ਵਿਚੋਂ 100 ਫੀਸਦੀ ਅਤੇ ਨਵਕਰਨ ਕੌਰ ਨੇ ਗਣਿਤ ਵਿਸ਼ੇ ਵਿਚੋਂ 100 ਫੀਸਦੀ ਅੰਕ ਹਾਸਲ ਕੀਤੇ। ਇਸ ਮੌਕੇ ਤੇ ਸਕੂਲ ਡਾਇਰੈਕਟਰ ਪ੍ਰਿੰਸੀਪਲ ਰਣਜੀਤ ਸਿੰਘ, ਪ੍ਰਿੰਸੀਪਲ ਖੁਸ਼ਵੰਤ ਸਿੰਘ, ਵਾਈਸ ਪ੍ਰਿੰਸੀਪਲ ਮੈਡਮ ਊਸ਼ਾ ਸ਼ਰਮਾ, ਮੈਡਮ ਕੋਮਲ ਤੇ ਸਮੂਹ ਸਟਾਫ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

# ਸੀਨੀਅਰ ਸਿਟੀਜਨ ਕੌਂਸਲ ਫ਼ਿਰੋਜ਼ਪੁਰ ਦੇ ਪ੍ਰਧਾਨ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੀ ਧਰਮਪਤਨੀ ਸ੍ਰੀਮਤੀ ਅਵਿਨਾਸ਼ ਸ਼ਰਮਾ ਅਕਾਲ ਚਲਾਣਾ ਕਰ ਗਏ

ਫ਼ਿਰੋਜ਼ਪੁਰ, 16 ਅਪ੍ਰੈਲ (ਮਨੋਹਰ ਲਾਲ) :— ਸੀਨੀਅਰ ਸਿਟੀਜਨ ਕੌਂਸਲ ਫ਼ਿਰੋਜ਼ਪੁਰ ਦੇ ਪ੍ਰਧਾਨ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੀ ਧਰਮ ਪਤਨੀ ਜ਼ੋ ਕਿ ਕੁਝ ਸਮੇਂ ਤੋਂ ਬਿਮਾਰ ਚੱਲ ਰਹੇ ਸੀ, ਉਨ੍ਹਾਂ ਨੂੰ ਦਯਾਨੰਦ ਮੈਡੀਕਲ ਕਾਲਜ ਹਸਪਤਾਲ ਲੁਧਿਆਣਾ ਵਿਖੇ ਦਾਖਲ ਕਰਵਾਇਆ ਗਿਆ ਸੀ, ਜਿਹੜੇ ਕਿ 15 ਅਪ੍ਰੈਲ ਨੂੰ ਅਕਾਲ ਚਲਾਣਾ ਕਰ ਗਏ ਸਨ, ਉਨ੍ਹਾਂ ਦੀ ਸੰਸਕਾਰ ਅੱਜ ਜ਼ੀਰਾ ਗੇਟ ਸਮਸ਼ਾਨਘਾਟ ਵਿਚ ਕਰ ਦਿੱਤਾ ਗਿਆ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਰਾਜਨੀਤਕ ਪਾਰਟੀਆਂ ਦੇ ਆਗੂ ਵੱਖ—ਵੱਖ ਧਾਰਮਿਕ ਜਥੇਬੰਦੀਆਂ ਦੇ ਆਗੂ ਸੀਨੀਅਰ ਸਿਟੀਜਨ ਕੌਂਸਲ ਦੇ ਆਗੂ ਸੀਨੀਅਰ ਸਿਟੀਜਨ ਫੋਰਮ ਦੇ ਆਗੂ, ਪੱਤਰਕਾਰ, ਵਕੀਲ ਵੱਖ—ਵੱਖ ਜਥੇਬੰਦੀਆਂ ਦੇ ਆਗੂ ਇਸ ਵਿਛੜੀ ਰੂਹ ਨੂੰ ਸੇਜਲ ਅੱਖਾਂ ਨਾਲ ਵਿਦਾਇਗੀ ਦਿੱਤੀ। ਇਸ ਮੌਕੇ ਤੇ ਰਣਬੀਰ ਸਿੰਘ ਭੁੱਲਰ ਐਮ.ਐਲ.ਏ ਹਲਕਾ ਸ਼ਹਿਰੀ ਆਮ ਆਦਮੀ ਪਾਰਟੀ ਦੇ ਆਗੂ, ਕਾਂਗਰਸ ਪਾਰਟੀ ਦੇ ਆਗੂ, ਗੁਰਚਰਨ ਸਿੰਘ ਨਾਹਰ ਸਾਬਕਾ ਜ਼ਿਲ੍ਹਾ ਪ੍ਰਧਾਨ ਕਾਂਗਰਸ, ਹਰਿੰਦਰ ਸਿੰਘ ਖੋਸਾ ਭਰਾਤਾ ਪਰਮਿੰਦਰ ਸਿੰਘ ਪਿੰਕੀ ਸਾਬਕਾ ਵਿਧਾਇਕ, ਰਿੰਕੂ ਗਰੋਵਰ ਪ੍ਰਧਾਨ ਮਿਊਂਸੀਪਲ ਕਮੇਟੀ, ਕਸ਼ਮੀਰ ਸਿੰਘ ਭੁੱਲਰ, ਸਤਨਾਮ ਸਿੰਘ ਐਮ.ਸੀ, ਟੀਟੂ ਮਲਹੋਤਰਾ, ਸੁਖਵਿੰਦਰ ਸਿੰਘ ਅਟਾਰੀ, ਰਿਟਾਇਰਡ ਟੀਚਰ ਅਤੇ ਹੋਰ ਪੈਨਸ਼ਨਰਜ਼ ਐਸੋਸੀਏਸ਼ਨ ਦੇ ਮੈਂਬਰ ਅਤੇ ਅਹੁਦੇਦਾਰ ਸ੍ਰੀ ਓਮ ਪ੍ਰਕਾਸ਼ ਗਰੋਵਰ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਦੇ ਦੀਵਾਨ ਚੰਦ ਸੁਖੀਜਾ ਚੇਅਰਮੈਨ, ਰਾਮ ਕਿਸ਼ੋਰ ਕੋਆਰਡੀਨੇਟਰ, ਪੱਤਰਕਾਰ ਪਰਮਿੰਦਰ ਥਿੰਦ, ਜਤਿੰਦਰ ਪਿੰਕਲ, ਮਨੋਹਰ ਲਾਲ ਅਤੇ ਹੋਰ ਬਹੁਤ ਸਾਰੀਆਂ ਜਥੇਬੰਦੀਆਂ ਦੇ ਆਗੂ ਵੀ ਹਾਜ਼ਰ ਸਨ। ਇਸ ਮੌਕੇ ਤੇ ਸੀਨੀਅਰ ਸਿਟੀਜਨ ਕੌਂਸਲ ਦੇ ਆਗੂ ਸਵਰਨ ਸਿੰਘ ਸੁਹਾਨਾ, ਅਵਤਾਰ ਸਿੰਘ, ਵਿਨੋਦ ਗਰੋਵਰ, ਮੱਖਣ ਲਾਲ, ਅੰਮ੍ਰਿਤ ਸੋਢੀ, ਨੀਰਜ ਸਚਦੇਵਾ, ਪ੍ਰਦੀਪ ਕੁਮਾਰ, ਡਾ: ਰਮੇਸ਼ਵਰ ਸਿੰਘ, ਜ਼ੋਗਿੰਦਰ ਸਿੰਘ ਸੂਰੀਆ ਪ੍ਰਕਾਸ਼, ਗੁਰਦਰਸ਼ਨ ਸੇਠੀ ਤੋਂ ਇਲਾਵਾ ਹੋਰ ਵੀ ਬਹੁਤ ਆਗੂ ਹਾਜ਼ਰ ਸਨ। ਇਸੇ ਤਰ੍ਹਾਂ ਸੀਨੀਅਰ ਸਿਟੀਜਨ ਫੋਰਮ ਦੇ ਚੇਅਰਮੈਨ ਐਸ.ਪੀ ਖੇੜਾ, ਪਰਦੀਪ ਧਵਨ ਪ੍ਰਧਾਨ, ਦੇਸ ਬੰਧੂ ਤੁਲੀ ਪੈਟਰਨ, ਤਿਲਕ ਰਾਜ ਐਰੀ ਪੈਟਰਨ, ਸ਼ਾਮ ਲਾਲ ਕੱਕੜ, ਸਤੀਸ਼ ਪੁਰੀ ਸੀਨੀਅਰ ਮੀਤ ਪ੍ਰਧਾਨ, ਮਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਰਾਕੇਸ਼ ਸ਼ਰਮਾ ਕੋਆਰਡੀਨੇਟਰ ਹਰੀਸ਼ ਮੌਂਗਾ, ਚੀਫ ਐਡਵਾਈਜਰ, ਰਮੇਸ਼ ਅਗਰਵਾਲ, ਗਤਿੰਦਰ ਕਮਲ ਕੈਸ਼ੀਅਰ, ਅਸ਼ੋਕ ਕੁਮਾਰ ਗਰਗ ਜੁਆਇੰਟ ਕੈਸ਼ੀਅਰ, ਅਸ਼ੋਕ ਕਪਾਹੀ, ਅਸ਼ੋਕ ਕੱਕੜ, ਅਵਤਾਰ ਸਿੰਘ ਭੋਲਾ ਕੈਸ਼ੀਅਰ, ਸੁਰਿੰਦਰ ਬਿਲਾਸੀ, ਡਾਕਟਰ ਸੁਰਿੰਦਰ ਸਿੰਘ, ਪਰਦੀਪ ਰਾਣਾ, ਚਰਨਜੀਤ ਮਹਾਜਨ, ਸ਼ਿਵ ਕੁਮਾਰ, ਪ੍ਰੇਮ ਨਾਥ ਰਸੀਆ, ਪ੍ਰੋ: ਗੁਰਦੇਵ ਸਿੰਘ ਬਲਦੇਵ ਸਚਦੇਵਾ, ਸੁਰਿੰਦਰ ਬੇਰੀ, ਸੁਰਿੰਦਰ ਵਿਜ, ਗੁਰਦਿਆਲ ਸਿੰਘ ਵਿਰਕ, ਮਨੋਹਰ ਲਾਲ, ਮਦਨ ਲਾਲ ਤਿਵਾੜੀ, ਚੰਦਰ ਪਰਕਾਸ਼ ਕੱਕੜ ਨੇ ਅਫਸੋਸ ਪ੍ਰਗਟ ਕੀਤਾ ਅਤੇ ਪ੍ਰਮਾਤਮਾ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਕਿ ਸ੍ਰੀਮਤੀ ਅਵਿਨਾਸ਼ ਸ਼ਰਮਾ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ, ਪਿਛੇ ਪਰਿਵਾਰ, ਸਾਕ ਸਬੰਧੀਆਂ ਨੂੰ ਭਾਣਾ ਮੰਨਣ ਦਾ ਬੱਲ ਬਖਸ਼ਣ।

### ਬਾਬਾ ਦੀਪ ਸਿੰਘ ਹੋਸਟਲ (ਲੜਕੇ) ਵਿੱਚ

# ਤਿੰਨ ਰੋਜ਼ਾ ਬੈਡਮਿੰਟਨ ਅਤੇ ਵਾਲੀਵਾਲ ਟੂਰਨਾਮੈਂਟ ਕਰਵਾਏ





**ਤਲਵੰਡੀ ਸਾਬੋ, 16 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਦੇ ਬਾਬਾ ਦੀਪ ਸਿੰਘ ਹੋਸਟਲ (ਲੜਕੇ) ਵਿਖੇ ਕੈਂਪਸ ਡਾਇਰੈਕਟਰ ਡਾ. ਅਮਨਦੀਪ ਸਿੰਘ ਦੀ ਰਹਿਨੁਮਾਈ ਹੇਠ ਤਿੰਨ ਰੋਜ਼ਾ ਵਾਲੀਬਾਲ ਅਤੇ ਬੈਡਮਿੰਟਨ ਟੂਰਨਾਮੈਂਟ ਸਫਲਤਾ ਪੂਰਵਕ ਸੰਪੰਨ ਹੋਇਆ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਵਾਰਡਨ ਇੰਜੀ. ਲਖਵੀਰ ਸਿੰਘ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਲਗਭਗ 50 ਵਿਦਿਆਰਥੀਆਂ ਨੇ ਭਾਗ ਲਿਆ। ਉਨਾ ਦੱਸਿਆ ਕਿ ਲੜਕਿਆਂ ਦੇ ਬੈਡਮਿੰਟਨ ਸਿੰਗਲ ਮੁਕਾਬਲੇ ਵਿੱਚ 30 ਦੇ ਲਗਭਗ ਵਿਦਿਆਰਥੀਆਂ ਵਿੱਚੋਂ ਉਦੇਕਰਨ ਬੀ.ਟੈਕ (ਸੀ.ਐਸ.ਈ) ਭਾਗ ਤੀਜਾ ਨੇ ਪਹਿਲੀ ਪੁਜੀਸ਼ਨ ਅਤੇ ਅੰਸ਼ਮ ਬੀ ਟੈਕ (ਐਮ.ਈ- ਸੀ.ਐਸ.ਈ) ਭਾਗ ਦੂਜਾ ਨੇ ਦੂਸਰੀ ਪੁਜੀਸ਼ਨ ਹਾਸਿਲ ਕੀਤੀ। ਇਸ ਟੂਰਨਾਮੈਂਟ ਵਿੱਚ ਵਾਲੀਬਾਲ ਦੀਆਂ ਲਗਭਗ ਤਿੰਨ ਟੀਮਾਂ ਨੇ ਭਾਗ ਲਿਆ ਜਿਸ ਵਿੱਚੋਂ ਸੈਵਨ ਸਟਰਾਈਕਰ ਟੀਮ ਨੇ ਪਹਿਲੀ ਪੁਜੀਸ਼ਨ ਅਤੇ ਆਲ ਸਟਾਰ ਟੀਮ ਨੇ ਦੂਸਰੀ ਪੁਜੀਸ਼ਨ ਹਾਸਲ ਕੀਤੀ। ਕੈਂਪਸ ਡਾਇਰੈਕਟਰ ਡਾ. ਅਮਨਦੀਪ ਸਿੰਘ ਵੱਲੋਂ ਜੇਤੂ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਵਾਰਡਨ ਇੰਜੀ. ਲਖਵੀਰ ਸਿੰਘ ਨੇ ਕਿਹਾ ਕਿ ਇੱਕ ਚੰਗੇ ਸਰੀਰ ਵਿੱਚ ਹੀ ਇੱਕ ਚੰਗਾ ਦਿਮਾਗ ਵਿਕਸਿਤ ਹੁੰਦਾ ਹੈ। ਖੇਡਾਂ ਸਾਡੇ ਸਰੀਰ ਨੂੰ ਤੰਦਰੁਸਤ ਰੱਖਣ ਵਿੱਚ ਬਹੁਤ ਸਹਾਈ ਹੁੰਦੀਆਂ ਹਨ। ਇਸ ਮੌਕੇ ਇੰਜੀ. ਰਾਮ ਸਿੰਘ, ਇੰਜੀ. ਗਗਨਪ੍ਰੀਤ ਸਿੰਘ ਸੰਧੂ, ਡਾ.ਹਰਕੁਲਵਿੰਦਰ ਸਿੰਘ, ਸ੍ਰੀ ਪਿੰਟੂ ਰਾਮ, ਹੋਸਟਲ ਸਟਾਫ ਅਤੇ ਸਮੂਹ ਹੋਸਟਲ ਵਿਦਿਆਰਥੀ ਸ਼ਾਮਲ ਸਨ।

### ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦੇ ਵਿਦਿਆਰਥੀਆਂ ਨੇ ਦਸਵੀਂ ਸੀ.ਬੀ.ਐੱਸ.ਈ ਬੋਰਡ ਨਤੀਜਿਆਂ ਵਿੱਚ ਮਾਰੀਆਂ ਮੱਲਾਂ

# ਸਕੂਲ ਮੈਨਜਮੈਂਟ ਅਤੇ ਸਟਾਫ ਵੱਲੋ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਦਿੱਤੀਆਂ ਮੁਬਾਰਕਾਂ









ਬਿਲਾਸਪੁਰ/ਮੋਗਾ -(ਵਰਿਆਮ ਹਠੂਰ) ਵਿੱਦਿਆ ਦੇ ਖੇਤਰ ਵਿੱਚ ਦਿਨੋਂ ਦਿਨ ਲੰਬੀਆਂ ਪੁਲਾਂਘਾਂ ਪੁੱਟਣ ਵਾਲੀ ਇਲਾਕੇ ਦੀ ਮੋਹਰੀ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ, ਬਿਲਾਸਪੁਰ (ਮੋਗਾ) ਦਾ ਸੀ .ਬੀ.ਐਸ.ਈ ਬੋਰਡ ਦੁਆਰਾ ਜਾਰੀ ਕੀਤਾ ਦਸਵੀਂ ਕਲਾਸ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ। ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਕੰਜੂਮੋਲ ਜੋਅ ਅਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਕਿ ਨਤੀਜਿਆਂ ਵਿੱਚ ਗੁਰਜਾਪ ਕੌਰ ਨੇ 96.8% ਅੰਕਾਂ ਨਾਲ ਪਹਿਲਾ ਸਥਾਨ ਕਮਲਪ੍ਰੀਤ ਕੌਰ ਨੇ 94.8% ਅੰਕਾਂ ਨਾਲ ਦੂਸਰਾ ਤੇ ਨਮਨਪ੍ਰੀਤ ਕੌਰ ਤੇ ਗੁਰਦੀਪ ਸਿੰਘ ਦੋਵਾਂ ਨੇ 94.6% ਅੰਕਾਂ ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਦਸਵੀਂ ਕਲਾਸ ਦੀ ਵਿਸ਼ਿਆਂ ਦੇ ਮੁਤਾਬਿਕ ਗੱਲ ਕੀਤੀ ਜਾਵੇ ਤਾਂ ਪੰਜਾਬੀ ਵਿਸ਼ੇ ਵਿੱਚ 100 ਵਿੱਚੋਂ 100 ਅੰਕ 12 ਵਿਦਿਆਰਥੀਆਂ ਦੁਆਰਾ ਲਏ ਗਏ। ਅੰਗਰੇਜ਼ੀ ਵਿਸ਼ੇ ਵਿੱਚ 90% ਤੋਂ ਵੱਧ 18 ਵਿਦਿਆਰਥੀਆਂ ਨੇ, ਸਾਇੰਸ ਵਿਸ਼ੇ ਵਿਚ 11 ਵਿਦਿਆਰਥੀਆਂ, ਆਈ ਟੀ ਤੇ ਸਮਾਜਿਕ ਸਿੱਖਿਆ ਵਿਸ਼ੇ ਵਿੱਚ 14 ਵਿਦਿਆਰਥੀਆਂ ਨੇ ਤੇ ਹਿੰਦੀ ਵਿਸ਼ੇ ਵਿੱਚ 14 ਵਿਦਿਆਰਥੀਆਂ ਨੇ ਪ੍ਰਾਪਤ ਕੀਤੇ, ਸਾਨੂੰ ਅੱਛੇ ਨੰਬਰ ਲੈ ਕੇ ਅੱਗੇ ਆਉਣ ਵਾਲੇ ਬੱਚਿਆਂ ਤੇ ਮਾਣ ਹੈ ਸਕੂਲ ਦੇ ਇਸ ਸਲਾਨਾ ਨਤੀਜੇ ਤੇ ਸਕੂਲ ਪ੍ਰਧਾਨ ਸਮਾਜ ਸੇਵੀ ਸ੍ਰ: ਚਰਨ ਸਿੰਘ, ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ ਨੇ ਸ਼ਾਨਦਾਰ ਨਤੀਜਿਆਂ ਲਈ ਵਿਦਿਆਰਥੀਆਂ ਅਤੇ ਉਨਾਂ ਦੇ ਮਾਪਿਆਂ ਨੂੰ ਮੁਬਾਰਕਾਂ ਦਿੱਤੀਆਂ, ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਅ ਅਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਵੀ ਸਮੂਹ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਉਹ ਭਵਿੱਖ ਵਿੱਚ ਵੀ ਸਕੂਲ ਇਸੇ ਤਰ੍ਹਾਂ ਸ਼ਾਨਦਾਰ ਨਤੀਜਿਆਂ ਅਤੇ ਵੱਖ-ਵੱਖ ਗਤੀਵਿਧੀਆਂ ਲਈ ਵਚਨਬੱਧ ਰਹੇਗਾ।

# ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ ਪੰਜਾਬ ਦੀ ਮੀਟਿੰਗ ਮੌਕੇ ਅਹਿਮ ਵਿਚਾਰਾਂ



**ਬਾਬਾ ਬਕਾਲਾ ਸਾਹਿਬ, 16 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ ਪੰਜਾਬ (ਰਜਿ:) ਨੰਬਰ 295 ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਸਰ ਡਾ: ਸਰਬਜੀਤ ਸਿੰਘ ਧੂਲਕਾ ਤੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਅੰਮ੍ਰਿਤਸਰ ਡਾ: ਮਲਕੀਤ ਸਿੰਘ ਰੰਧਾਵਾ ਰਈਆ ਦੀ ਪ੍ਰਧਾਨਗੀ ਹੇਠ ਹੋਈ ਇਸ ਮੌਕੇ ਮਹਿਲ ਕਲਾਂ (ਲੁਧਿਆਣਾ) ਤੋਂ ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ ਦੇ ਮੀਡੀਆ ਇੰਚਾਰਜ ਪੰਜਾਬ ਡਾ: ਮਿੱਡੂ ਮਹੁੰਮਦ ਮਹਿਲ ਕਲਾਂ ਦੀ ਧੀ ਨੂੰਹ ਨਾਜੀਆ ਪ੍ਰਵੀਨ ਜਿਨ੍ਹਾਂ ਦਾ ਸੀਰਤ ਹਸਪਤਾਲ ਲੁਧਿਆਣਾ ਦੇ ਡਾਕਟਰਾਂ ਦੀ ਅਣਗਹਿਲੀ ਕਾਰਨ ਜਨੇਪੇ ਦੌਰਾਨ ਮੌਤ ਹੋ ਗਈ, ਨੂੰ ਦੋ ਮਿੰਟ ਦਾ ਮੋਨ ਰੱਖਕੇ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਮੌਤ ਲਈ ਜ਼ਿਮੇਵਾਰ ਡਾਕਟਰ ਨੂੰ ਸਜ਼ਾ ਦਿਵਾਉਣ ਲਈ ਪਰਿਵਾਰ ਦੇ ਮੋਢੇ ਨਾਲ ਮੋਢਾ ਜੋੜ ਕੇ ਖੜਨ ਦਾ ਵਿਸ਼ਵਾਸ ਦਿਵਾਇਆ ਗਿਆ, ਡਾ: ਸਰਬਜੀਤ ਸਿੰਘ ਧੂਲਕਾ ਤੇ ਡਾ: ਮਲਕੀਤ ਸਿੰਘ ਰੰਧਾਵਾ ਸੂਬਾ ਮੀਤ ਪ੍ਰਧਾਨ ਪੰਜਾਬ ਨੇ ਪੰਜਾਬ ਵਿੱਚ ਨਸ਼ਿਆਂ ਨਾਲ ਗ੍ਰਹਿਸਤ ਨੌਜਵਾਨੀ ਨੂੰ ਬਚਾਉਣ ਲਈ ਪਿੰਡਾਂ 'ਚ ਕੰਮ ਕਰਦੇ ਡਾਕਟਰ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਿੰਡਾਂ ਵਿੱਚ ਜੋ ਨੌਜਵਾਨ ਨਸ਼ਿਆਂ ਦੀ ਦਲਦਲ ਵਿੱਚ ਫਸ ਚੁੱਕੇ ਹਨ, ਨੂੰ ਪ੍ਰੇਰਕੇ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਭੇਜਿਆ ਜਾਵੇ, ਅਖੀਰ 'ਚ ਚੇਅਰਮੈਨ ਡਾ: ਗੁਰਜੀਤ ਸਿੰਘ ਮਾਨ ਤੇ ਜ: ਸਕੱਤਰ ਡਾ: ਅਮਨਦੀਪ ਸਿੰਘ ਬੁਟਾਰੀ ਨੇ ਆਏ ਹੋਏ ਡਾਕਟਰ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਡਾਕਟਰ ਸਾਥੀਆਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਵਿਚਾਰ ਚਰਚਾ ਕੀਤੀ,ਇਸ ਮੌਕੇ ਡਾ: ਜੋਗਿੰਦਰ ਸਿੰਘ ਦੌਲੋਨੰਗਲ, ਡਾ: ਬਲਦੇਵ ਸਿੰਘ ਸਠਿਆਲਾ, ਸੀਨੀਅਰ ਮੀਤ ਪ੍ਰਧਾਨ ਡਾ: ਨਿਸ਼ਾਨ ਸਿੰਘ ਮਹਿਸਮਪੁਰ, ਕਮੇਟੀ ਮੈਂਬਰ ਡਾ: ਸੁਖਦੇਵ ਸਿੰਘ ਲੋਹਗੜ੍ਹ, ਪ੍ਰੈਸ ਸਕੱਤਰ ਡਾ: ਬਲਜਿੰਦਰ ਸਿੰਘ ਰਈਆ, ਡਾ: ਰਾਮਾ ਨੰਦ ਕੋਟ ਮਹਿਤਾਬ, ਡਾ: ਪ੍ਰਬਦਿਆਲ ਸਿੰਘ ਬੁੱਟਰ, ਡਾ: ਅੰਮ੍ਰਿਤਪਾਲ ਸਿੰਘ ਰਈਆ, ਡਾ: ਅਜੇ ਕੁਮਾਰ ਬਿਆਸ, ਡਾ: ਲਾਲ ਚੰਦ ਬਿਆਸ, ਡਾ: ਗੁਰਮੇਲ ਸਿੰਘ ਭਲੋਜਲਾ, ਡਾ: ਕੁਲਦੀਪ ਸਿੰਘ ਫੱਤੂਵਾਲ, ਡਾ: ਰਾਜਵਿੰਦਰ ਸਿੰਘ ਪੱਡੇ, ਡਾ: ਸਰਦੂਲ ਸਿੰਘ, ਡਾ: ਦੀਪਕ ਕੁਮਾਰ ਧੂਲਕਾ , ਡਾ: ਸ਼ਰਨਜੀਤ ਸਿੰਘ ਖਾਨਪੁਰ, ਡਾ: ਜਸ਼ਨਪ੍ਰੀਤ ਸਿੰਘ ਸਠਿਆਲਾ, ਡਾ: ਰੋਹਿਤ ਅਰੋੜਾ ਤੇ ਡਾ: ਵਿਪਨ ਸ਼ਰਮਾ ਅੰਮ੍ਰਿਤਸਰ, ਡਾ: ਤਜਿੰਦਰ ਸਿੰਘ ਸੱਤੋਵਾਲ, ਡਾ: ਅਮਨਦੀਪ ਸਿੰਘ ਟਪਿਆਲਾ ਡਾ: ਅਰੁਣ ਕੁਮਾਰ ਮੱਧ, ਡਾ: ਅਕਾਸ਼ਦੀਪ ਸਿੰਘ ਬੁਤਾਲਾ, ਡਾ: ਤਜਿੰਦਰ ਸਿੰਘ ਰਈਆ ਆਦਿ ਮੌਜੂਦ ਸਨ ।

# ਭਾਗੀਵਾਂਦਰ ਦੀ ਦਾਣਾ ਮੰਡੀ ਵਿੱਚ ਕਣਕ ਦੀ ਬੋਲੀ ਨਾ ਹੋਣ 'ਤੇ ਕਿਸਾਨਾਂ ਦਾ ਗੁੱਸਾ ਭੜਕਿਆ



ਤਲਵੰਡੀ ਸਾਬੋ, 16 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਪਿੰਡ ਭਾਗੀਵਾਂਦਰ ਦੀ ਦਾਣਾ ਮੰਡੀ ਵਿੱਚ ਕਣਕ ਦੀ ਬੋਲੀ ਸ਼ੁਰੂ ਨਾ ਹੋਣ ਕਾਰਨ ਕਿਸਾਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਅੱਜ ਕਿਸਾਨਾਂ ਨੇ ਮੰਡੀ ਵਿੱਚ ਇਕੱਠੇ ਹੋ ਕੇ ਸਰਕਾਰ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਅਤੇ ਤੁਰੰਤ ਬੋਲੀ ਪ੍ਰਕਿਰਿਆ ਸ਼ੁਰੂ ਕਰਨ ਦੀ ਮੰਗ ਕੀਤੀ। ਇਸ ਮੌਕੇ ਕਿਸਾਨ ਯੂਨੀਅਨ ਡਕੌਂਦਾ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਬਲਕਰਨ ਸਿੰਘ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਦੀ ਲਾਪਰਵਾਹੀ ਕਾਰਨ ਕਿਸਾਨਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਮੰਡੀ ਵਿੱਚ ਕਣਕ ਦੀਆਂ ਢੇਰੀਆਂ ਲੱਗੀਆਂ ਹੋਈਆਂ ਹਨ ਪਰ ਬੋਲੀ ਨਾ ਹੋਣ ਕਾਰਨ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਵਿੱਚ ਮੁਸ਼ਕਲ ਆ ਰਹੀ ਹੈ। ਉਹਨਾਂ ਕਿਹਾ ਕਿ ਪਹਿਲਾਂ ਹੀ ਕਿਸਾਨ ਮੀਂਹ ਨਾਲ ਹੋਏ ਨੁਕਸਾਨ ਦੀ ਮਾਰ ਹੇਠ ਹਨ, ਜਿਸ ਕਾਰਨ ਉਨ੍ਹਾਂ ਦੀ ਫਸਲ ਨੂੰ ਵੱਡਾ ਨੁਕਸਾਨ ਪਹੁੰਚਿਆ ਹੈ। ਇਸਦੇ ਬਾਵਜੂਦ ਜੇ ਮੰਡੀਆਂ ਵਿੱਚ ਬੋਲੀ ਸ਼ੁਰੂ ਨਾ ਹੋਈ ਤਾਂ ਕਿਸਾਨਾਂ ਦੀਆਂ ਮੁਸ਼ਕਲਾਂ ਹੋਰ ਵੀ ਵੱਧ ਜਾਣਗੀਆਂ। ਬਲਕਰਨ ਸਿੰਘ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੱਲ ਤੱਕ ਕਣਕ ਦੀ ਬੋਲੀ ਸ਼ੁਰੂ ਨਾ ਕੀਤੀ ਗਈ ਤਾਂ ਕਿਸਾਨ ਮਜਬੂਰਨ ਸੜਕਾਂ ਜਾਮ ਕਰਨ ਲਈ ਤਿਆਰ ਹੋਣਗੇ। ਉਨ੍ਹਾਂ ਕਿਹਾ ਕਿ ਇਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਅਤੇ ਸੰਬੰਧਿਤ ਵਿਭਾਗ ਦੀ ਹੋਵੇਗੀ। ਕਿਸਾਨਾਂ ਨੇ ਕਿਹਾ ਕਿ ਉਹ ਲੰਮੇ ਸਮੇਂ ਤੋਂ ਆਪਣੀ ਮਿਹਨਤ ਦੀ ਕਮਾਈ ਦੀ ਉਡੀਕ ਕਰ ਰਹੇ ਹਨ, ਪਰ ਪ੍ਰਸ਼ਾਸਨ ਵੱਲੋਂ ਕੋਈ ਢੁੱਕਵਾਂ ਪ੍ਰਬੰਧ ਨਾ ਕਰਨ ਕਾਰਨ ਉਨ੍ਹਾਂ ਨੂੰ ਆਰਥਿਕ ਨੁਕਸਾਨ ਝੱਲਣਾ ਪੈ ਸਕਦਾ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਤੁਰੰਤ ਬੋਲੀ ਪ੍ਰਕਿਰਿਆ ਸ਼ੁਰੂ ਕਰਕੇ ਕਿਸਾਨਾਂ ਨੂੰ ਰਾਹਤ ਦਿੱਤੀ ਜਾਵੇ।

# ਸੰਜੀਵ ਅਰੋੜਾ ਨੇ ਲਿਵਾਸਾ ਹਸਪਤਾਲ ਵਿਖੇ ਐਡਵਾਂਸਡ ਰੇਡੀਏਸ਼ਨ ਓਨਕੋਲੋਜੀ ਸੈਂਟਰ ਦਾ ਉਦਘਾਟਨ ਕੀਤਾ

ਹੁਸ਼ਿਆਰਪੁਰ, 16 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਪੰਜਾਬ ਦੇ ਉਦਯੋਗ ਅਤੇ ਵਣਜ ਮੰਤਰੀ ਸੰਜੀਵ ਅਰੋੜਾ ਨੇ ਬੁੱਧਵਾਰ ਨੂੰ ਲਿਵਾਸਾ ਹਸਪਤਾਲ ਵਿਖੇ ਐਡਵਾਂਸਡ ਰੇਡੀਏਸ਼ਨ ਓਨਕੋਲੋਜੀ ਸੈਂਟਰ ਦਾ ਉਦਘਾਟਨ ਕੀਤਾ। ਇਸ ਸੈਂਟਰ ਵਿੱਚ ਅਤਿ-ਆਧੁਨਿਕ ਰੇਡੀਏਸ਼ਨ ਤਕਨਾਲੋਜੀ ਹੈ, ਜਿਸ ਦਾ ਉਦੇਸ਼ ਇੱਕ ਸੰਪੂਰਨ ਅਤੇ ਬਹੁ-ਅਨੁਸ਼ਾਸਨੀ ਪਹੁੰਚ ਨਾਲ ਸਟੀਕ, ਪ੍ਰਭਾਵਸ਼ਾਲੀ ਅਤੇ ਮਰੀਜ਼-ਕੇਂਦ੍ਰਿਤ ਕੈਂਸਰ ਇਲਾਜ ਪ੍ਰਦਾਨ ਕਰਨਾ ਹੈ। ਇਸ ਮੌਕੇ 'ਤੇ ਬੋਲਦੇ ਹੋਏ, ਸੰਜੀਵ ਅਰੋੜਾ ਨੇ ਕਿਹਾ, "ਇਸ ਐਡਵਾਂਸਡ ਰੇਡੀਏਸ਼ਨ ਓਨਕੋਲੋਜੀ ਸੈਂਟਰ ਦੀ ਸ਼ੁਰੂਆਤ ਪੰਜਾਬ ਵਿੱਚ ਕੈਂਸਰ ਦੇਖਭਾਲ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ ਆਧੁਨਿਕ ਤਕਨਾਲੋਜੀ ਤੱਕ ਪਹੁੰਚ ਅਤੇ ਸਮੇਂ ਸਿਰ ਇਲਾਜ ਜੀਵਨ ਬਚਾਉਣ ਵਾਲਾ ਫ਼ਰਕ ਲਿਆ ਸਕਦਾ ਹੈ, ਅਤੇ ਅਜਿਹੀਆਂ ਪਹਿਲ ਕਦਮੀਆਂ ਖੇਤਰ ਭਰ ਦੇ ਮਰੀਜ਼ਾਂ ਨੂੰ ਲਾਭ ਪਹੁੰਚਾਉਣਗੀਆਂ।" ਅਨੁਰਾਗ ਯਾਦਵ, ਸੀਈਓ - ਲਿਵਾਸਾ ਹਸਪਤਾਲ, ਨੇ ਕਿਹਾ, "ਐਡਵਾਂਸਡ ਰੇਡੀਏਸ਼ਨ ਓਨਕੋਲੋਜੀ ਸੈਂਟਰ ਦਾ ਉਦਘਾਟਨ ਸਾਡੇ ਮਿਸ਼ਨ ਵਿੱਚ ਇੱਕ ਮਹੱਤਵਪੂਰਨ ਕਦਮ ਹੈ ਜੋ ਕਿ ਭਾਈਚਾਰਿਆਂ ਦੇ ਨੇੜੇ ਵਿਸ਼ਵ ਪੱਧਰੀ ਕੈਂਸਰ ਦੇਖਭਾਲ ਪ੍ਰਦਾਨ ਕਰਦਾ ਹੈ। ਟੀਮ ਵਿੱਚ ਡਾਇਰੈਕਟਰ-ਮੈਡੀਕਲ ਓਨਕੋਲੋਜੀ ਡਾ. ਜਤਿਨ ਸਰੀਨ, ਡਾਇਰੈਕਟਰ-ਰੇਡੀਏਸ਼ਨ ਓਨਕੋਲੋਜੀ ਡਾ. ਮੀਨਾਕਸ਼ੀ ਮਿੱਤਲ, ਡਾਇਰੈਕਟਰ-ਸਰਜੀਕਲ ਓਨਕੋਲੋਜੀ ਡਾ. ਵਿਜੇ ਬਾਂਸਲ, ਡਾਇਰੈਕਟਰ-ਸਰਜੀਕਲ ਓਨਕੋਲੋਜੀ ਡਾ. ਸ਼ੁਭ ਮਹਿੰਦਰਾ, ਸੀਨੀਅਰ ਸਲਾਹਕਾਰ-ਮੈਡੀਕਲ ਓਨਕੋਲੋਜੀ ਡਾ. ਪ੍ਰਿਯਾਂਸ਼ੂ ਚੌਧਰੀ, ਸੀਨੀਅਰ ਸਲਾਹਕਾਰ-ਰੇਡੀਏਸ਼ਨ ਓਨਕੋਲੋਜੀ ਡਾ. ਪਰਨੀਤ ਸਿੰਘ, ਅਤੇ ਸਲਾਹਕਾਰ-ਕਲੀਨਿਕਲ ਹੇਮਾਟੋਲੋਜੀ ਅਤੇ ਬੀਐਮਟੀ ਡਾ. ਮੁਕੇਸ਼ ਚਾਵਲਾ ਸ਼ਾਮਲ ਹਨ।

### ਦਸਵੀਂ ਦੇ ਸੀਬੀਐਸਈ ਬੋਰਡ ਦੇ ਨਤੀਜਿਆਂ ਵਿੱਚ

# ਸੇਂਟ ਸੋਲਜਰ ਸਕੂਲ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ



**ਜੰਡਿਆਲਾ ਗੁਰੂ 16 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ 2025-26 ਦੇ ਅਕਾਦਮਿਕ ਸਾਲ ਲਈ ਦਸਵੀਂ ਜਮਾਤ ਦੇ ਸੀਬੀਐਸਈ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਸਕੂਲ ਦੇ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਦਾ ਐਲਾਨ ਕਰਦੇ ਹੋਏ ਮਾਣ ਮਹਿਸੂਸ ਕਰ ਰਿਹਾ ਹੈ। ਸਕੂਲ ਨੇ ਇੱਕ ਵਾਰ ਫੇਰ ਆਪਣੀ ਉਤਮਤਾ ਦਰਸਾਉਂਦੇ ਹੋਏ ਮੈਰਿਟ ਪੁਜੀਸ਼ਨਾਂ ਨਾਲ ਸ਼ਾਨਦਾਰ ਪ੍ਰਦਰਸ਼ਨ ਕੀਤਾ। ਨਤੀਜੇ ਸਕੂਲ ਦੇ ਅਧਿਆਪਕਾਂ ਦੀ ਸਖਤ ਮਿਹਨਤ, ਦ੍ਰਿੜਤਾ , ਅਤੇ ਅਨੁਸ਼ਾਸਨ ਨੂੰ ਦਰਸ਼ਾਉਂਦੇ ਹਨ। ਦਸਵੀਂ ਦੇ ਨਤੀਜਿਆਂ ਵਿੱਚ ਸਾਕਸ਼ੀ ਚਤਰਥ ਨੇ 97.2%,ਨਵਰੀਨ ਕੌਰ 95.6%, ਜੈਸਮੀਨ ਕੌਰ ਹੁੰਦਲ94.4%, ਗੁਰਸ਼ਾਨ ਸਿੰਘ 94.2%, ਗੁਰਸ਼ਰਨ ਕੌਰ94.2%, ਸਮਰਪ੍ਰੀਤ ਕੌਰ93.8,ਮਨਰੋਜ ਕੌਰ93.6%,ਸੁਖਮਨਦੀਪ ਕੌਰ93.6%,ਇੰਦਰਜੀਤ ਸਿੰਘ93.2%,ਅੰਬਿਕਾ 92.8%,ਨਵਰੋਜ ਕੌਰ92.2%,ਸੁਖਮਨਪ੍ਰੀਤ ਸਿੰਘ92%, ਭੁਪਿੰਦਰ ਸਿੰਘ91.8%, ਭਰ ਜੋਬਨ ਸਿੰਘ91.8%, ਦਰਸ਼ਪ੍ਰੀਤ ਕੌਰ91.8%, ਪਲਕ91.8%, ਜਪਮੰਨਤ ਕੌਰ91.2%, ਨਵਰੂਪ ਸਿੰਘ90.6%, ਪ੍ਰਬਲੀਨ ਕੌਰ90%, ਅਤੇ ਅਮਨੀਤ ਸਿੰਘ ਨੇ 90% ਨੰਬਰ ਹਾਸਿਲ ਕੀਤੇ। ਸਕੂਲ ਦੇ 20 ਬੱਚਿਆਂ ਨੇ 90% ਤੋਂ ਉੱਪਰ ਨੰਬਰ ਹਾਸਲ ਕਰਕੇ ਮੈਰਿਟਾਂ ਹਾਸਿਲ ਕੀਤੀਆਂ। ਇੰਗਲਿਸ਼ ਦੇ ਵਿੱਚ 32 ਵਿਦਿਆਰਥੀਆਂ ਨੇ90% ਤੋ ਤੋਂ ਵੀ ਜਿਆਦਾ ਨੰਬਰ ਹਾਸਲ ਕੀਤੇ। ਕੰਪਿਊਟਰ ਦੇ ਵਿੱਚ 4 ਬੱਚਿਆਂ ਨੇ 100 ਵਿੱਚੋਂ 100 ਨੰਬਰ ਹਾਸਿਲ ਕੀਤੇ। ਅਤੇ 9 ਬੱਚਿਆਂ ਨੇ 100 ਵਿੱਚੋਂ 99 ਨੰਬਰ ਹਾਸਿਲ ਕੀਤੇ। ਪੰਜਾਬੀ ਵਿੱਚੋਂ ਚਾਰ ਬੱਚਿਆਂ ਨੇ 100 ਵਿੱਚ 100 ਨੰਬਰ ਅਤੇ ਛੇ ਬੱਚਿਆਂ ਨੇ 100 ਵਿੱਚੋਂ 99 ਨੰਬਰ ਹਾਸਿਲ ਕੀਤੇ। ਇਸੇ ਤਰ੍ਹਾਂ ਗਣਿਤ ਅਤੇ ਸਾਇੰਸ ਦੇ ਵਿਸ਼ਿਆਂ ਵਿੱਚੋਂ ਵੀ ਬੱਚਿਆਂ ਨੇ 90% ਤੋਂ ਜਿਆਦਾ ਨੰਬਰ ਹਾਸਿਲ ਕੀਤੇ। ਇਹਨਾਂ ਹੋਣਹਾਰ ਵਿਦਿਆਰਥੀਆਂ ਦਾ ਸਵੇਰ ਦੀ ਸਭਾ ਵਿੱਚ ਉਹਨਾਂ ਦੇ ਮਾਪਿਆਂ ਸਮੇਤ ਫੁੱਲਾਂ ਦੇ ਹਾਰ ਪਾ ਕੇ ਸ਼ਾਨਦਾਰ ਸਵਾਗਤ ਕੀਤਾ ਗਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ .ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਜੀ ਨੇ ਬੱਚਿਆਂ ਅਤੇ ਉਹਨਾਂ ਦੇ ਮਾਪਿਆਂ ਦਾ ਮੂੰਹ ਮਿੱਠਾ ਕਰਵਾ ਕੇ ਖੁਸ਼ੀ ਜਾਹਿਰ ਕੀਤੀ। ਅਤੇ ਉਨ੍ਹਾਂ ਦੇ ਸ਼ਾਨਦਾਰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਬੱਚਿਆਂ ਅਤੇ ਉਨਾਂ ਦੇ ਮਾਪਿਆਂ ਲਈ ਚਾਹ ਪਾਰਟੀ ਦਾ ਆਯੋਜਨ ਵੀ ਕੀਤਾ ਗਿਆ।

**ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਨੇ ਬੱਚਿਆਂ ਦੇ ਸਾਨਦਾਰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆ**

### ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੀ ਚਿਰੋਕਣੀ ਮੰਗ ਨੂੰ ਪਿਆ ਬੂਰ- ਗੋਇਲ

# ਕੈਬਨਿਟ ਸਬ ਕਮੇਟੀ ਦੀ ਐਸੋਸੀਏਸ਼ਨ ਦੇ ਸੂਬਾਈ ਵਫ਼ਦ ਨਾਲ ਹੋਈ ਮੀਟਿੰਗ 'ਚ ਹੈਲਥ ਕੇਅਰ ਪ੍ਰੋਵਾਈਡਰਜ ਵਜੋਂ ਸ਼ਾਰਟ ਟਰਮ ਸਿਖਲਾਈ ਦੇ ਦਿੱਤੇ ਆਦੇਸ਼



ਤਲਵੰਡੀ ਸਾਬੋ, 16 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਮੁੱਖ ਦਫ਼ਤਰ ਨੇੜੇ ਟੀਵੀ ਟਾਵਰ ਬਠਿੰਡਾ ਦਾ ਸੂਬਾਈ ਵਫ਼ਦ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਸੱਦੇ 'ਤੇ ਕੈਬਨਿਟ ਸਬ ਕਮੇਟੀ ਨਾਲ ਪੰਜਾਬ ਭਵਨ ਚੰਡੀਗੜ੍ਹ ਵਿਖੇ ਵਿੱਤ ਮੰਤਰੀ ਸ੍ਰੀ. ਹਰਪਾਲ ਸਿੰਘ ਚੀਮਾ ਅਤੇ ਸਿਹਤ ਮੰਤਰੀ ਡਾ.ਬਲਵੀਰ ਸਿੰਘ ਨੂੰ ਮਿਲਿਆ। ਇਸ ਸਬੰਧੀ ਐਸੋਸ਼ੀਏਸ਼ਨ ਦੇ ਬੁਲਾਰੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਫ਼ਦ ਵਿੱਚ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਚੇਅਰਮੈਨ ਐਚ ਐਸ ਰਾਣੂ , ਸਰਪ੍ਰਸਤ ਸੁਰਜੀਤ ਸਿੰਘ ਲੁਧਿਆਣਾ ਅਤੇ ਜ਼ਿਲ੍ਹਾ ਮੋਹਾਲੀ ਦੇ ਪ੍ਰਧਾਨ ਬਲਵੀਰ ਸਿੰਘ ਸ਼ਾਮਲ ਹੋਏ। ਮੀਟਿੰਗ ਦੌਰਾਨ ਸਿਹਤ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਕੁਮਾਰ ਰਾਹੁਲ ਅਤੇ ਸਪੈਸ਼ਲ ਸਕੱਤਰ ਫਾਇਨਾਂਸ ਅਜੈ ਅਰੋੜਾ ਤੋਂ ਇਲਾਵਾ ਹੋਰ ਸੀਨੀਅਰ ਅਧਿਕਾਰੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਮੀਟਿੰਗ ਬਹੁਤ ਸਦਭਾਵਨਾ ਅਤੇ ਸੁਖਾਵੇਂ ਮਾਹੌਲ 'ਚ ਹੋਈ। ਇਸ ਮੌਕੇ ਐਸੋਸ਼ੀਏਸ਼ਨ ਦੀ ਤਰਫੋਂ ਮੰਗ ਪੱਤਰ ਅਤੇ ਲੋੜੀਂਦੇ ਹਵਾਲਾ ਦਸਤਾਵੇਜ਼ਾਂ ਦੀ ਫਾਈਲ ਸਰਕਾਰ ਅੱਗੇ ਪੇਸ਼ ਕਰਦਿਆਂ ਮੰਗ ਕੀਤੀ ਕਿ ਸਰਕਾਰ ਕੋਈ ਸੰਖੇਪ ਬ੍ਰਿਜ ਕੋਰਸ ਕਰਵਾ ਕੇ ਮੁਢੱਲੀਆਂ ਸਿਹਤ ਸੇਵਾਵਾਂ ਲਈ ਹੈਲਥ ਕੇਅਰ ਪ੍ਰੋਵਾਇਡਰ ਵੱਜੋਂ ਅਧਿਕਾਰਿਤ ਕਰਨ ਦੀ ਖੇਚਲ ਕਰੇ, ਤਾਂ ਜੋ ਇਸ ਕਿੱਤੇ ਨਾਲ ਜੁੜੇ ਲੱਖਾਂ ਲੋਕਾਂ ਦਾ ਸਵੈ-ਰੋਜ਼ਗਾਰ ਬਚ ਸਕੇ ਅਤੇ ਲੱਖਾਂ ਪਰਿਵਾਰਕ ਮੈਂਬਰਾਂ ਦਾ ਉਜਾੜਾ ਅਤੇ ਸੇਵਾਵਾਂ ਲੈਣ ਵਾਲੇ ਲੱਖਾਂ ਲੋਕਾਂ ਨੂੰ ਮਿਲ ਰਹੀਆਂ ਸਸਤੀਆਂ ਸਿਹਤ ਸੇਵਾਵਾਂ ਵੀ ਜਾਰੀ ਰਹਿ ਸਕਣ। ਸਰਕਾਰ ਵੱਲੋਂ ਲੋਕ ਹਿਤ 'ਚ ਦਿੱਤੀਆਂ ਜਾ ਰਹੀਆਂ ਸਿਹਤ ਸਕੀਮਾਂ ਵੀ ਪ੍ਰਭਾਵਿਤ ਨਾ ਹੋਣ ਅਤੇ ਸਰਕਾਰ ਦੇ ਘਰ-ਘਰ ਰੁਜ਼ਗਾਰ ਅਤੇ ਸਿਹਤ ਸੇਵਾਵਾਂ ਦੇਣ ਦੇ ਉਦੇਸ਼ ਦੀ ਪੂਰਤੀ ਵੀ ਹੋ ਸਕੇ। ਸਬ ਕਮੇਟੀ ਅੱਗੇ ਪੇਸ਼ ਕੀਤੇ ਦਸਤਾਵੇਜਾਂ ਨੂੰ ਗੰਭੀਰਤਾ ਨਾਲ ਵਿਚਾਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਵੱਲੋਂ ਇਸ ਸਬੰਧੀ ਸਾਰਥਿਕ ਹੁੰਗਾਰਾ ਭਰਦਿਆਂ ਜਲਦੀ ਹੀ ਇਹ ਕੋਰਸ ਸ਼ੁਰੂ ਕਰਨ ਦੀ ਯੋਜਨਾ ਨੂੰ ਪੂਰਾ ਕਰਨ ਲਈ ਹਾਜ਼ਰ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਤਾਂ ਜੋ ਪੰਜਾਬ 'ਚ ਸਿਹਤ ਸੇਵਾਵਾਂ ਨਿਭਾ ਰਹੇ ਡੇਢ ਲੱਖ ਹੈਲਥ ਕੇਅਰ ਪ੍ਰੋਵਾਈਡਰਾਂ ਦੇ ਰੁਜ਼ਗਾਰ ਨੂੰ ਕੋਈ ਆਂਚ ਨਾ ਆਵੇ ਅਤੇ ਉਨ੍ਹਾਂ ਦਾ ਮਾਨ ਸਨਮਾਨ ਵੀ ਬਰਕਰਾਰ ਰਹਿ ਸਕੇ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਐਸੋਸ਼ੀਏਸ਼ਨ ਦੇ ਵੱਡੀ ਗਿਣਤੀ ਆਗੂਆਂ ਅਤੇ ਵਰਕਰਾਂ ਵੱਲੋਂ ਸੰਗਰੂਰ ਵਿਖੇ ਇੱਕ ਇਤਿਹਾਸਕ ਰੈਲੀ ਕੀਤੀ ਗਈ ਸੀ।ਜਿਸ ਦੌਰਾਨ ਪ੍ਰਸ਼ਾਸਨ ਵੱਲੋਂ 16 ਅਪ੍ਰੈਲ ਦੀ ਕੈਬਨਿਟ ਸਬ ਕਮੇਟੀ ਨਾਲ ਮੀਟਿੰਗ ਨਿਰਧਾਰਿਤ ਕੀਤੀ ਗਈ ਸੀ ਅਤੇ ਭਰੋਸਾ ਦਿੱਤਾ ਗਿਆ ਸੀ ਕਿ ਲੱਖਾਂ ਦੀ ਗਿਣਤੀ 'ਚ ਇਸ ਕਿੱਤੇ ਨਾਲ ਜੁੜੇ ਮੁਢੱਲੀਆਂ ਸਿਹਤ ਸੇਵਾਵਾਂ ਦੇ ਰਹੇ ਪ੍ਰਾਇਮਰੀ ਹੈਲਥ ਕੇਅਰ ਪ੍ਰੋਵਾਈਡਰਾਂ ਨੂੰ ਸ਼ਾਰਟ ਟਰਮ ਟ੍ਰੇਨਿੰਗ ਦੇ ਕੇ ਸਿਹਤ ਸੇਵਾਵਾਂ ਦੇ ਖੇਤਰ 'ਚ ਪਾਏ ਜਾ ਰਹੇ ਯੋਗਦਾਨ ਨੂੰ ਬਾਦਸਤੂਰ ਜ਼ਾਰੀ ਰੱਖਿਆ ਜਾਵੇਗਾ। ਇਸ ਸਮੇਂ ਐਸੋਸੀਏਸ਼ਨ ਦੀ ਸੂਬਾਈ ਲੀਡਰਸ਼ਿਪ ਵੱਲੋ ਮੀਟਿੰਗ ਦੇਣ ਅਤੇ ਉਨ੍ਹਾਂ ਦੇ ਪੱਖ ਨੂੰ ਸੁਹਿਰਦਤਾ ਨਾਲ ਸੁਣਨ ਅਤੇ ਮੁੱਖ ਮੰਗ ਸਬੰਧੀ ਹਾਂ ਪੱਖੀ ਹੁੰਗਾਰੇ ਲਈ ਕੈਬਨਿਟ ਸਬ ਕਮੇਟੀ ਅਤੇ ਵਿਭਾਗ ਦੇ ਅਧਿਕਾਰੀਆਂ ਦਾ ਧੰਨਵਾਦ ਵੀ ਕੀਤਾ ਗਿਆ।

## ਨਤੀਜੇ

# ਵਿਦਿਆਰਥੀ, ਮਾਪੇ ਤੇ ਅਧਿਆਪਕ



ਵਿਦਿਆਰਥੀ ਜੀਵਨ ਨਾਲ਼ ਇਮਤਿਹਾਨ ਦਾ ਜੁੜੇ ਹੋਣਾ ਇੱਕ ਬਹੁਤ ਹੀ ਮਹੱਤਵਪੂਰਨ ਪੱਖ ਹੈ। ਇਹੀ ਵਿੱਦਿਅਕ ਇਮਤਿਹਾਨਾਂ ਦਾ ਸਫ਼ਰ ਮਿਹਨਤ ਤੇ ਸਬਰ ਸਹਾਰੇ ਅੱਗੇ ਨਤੀਜੇ ਤੱਕ ਪਹੁੰਚਦਾ ਹੈ। ਵਿਦਿਆਰਥੀ ਦੇ ਨਤੀਜੇ ਤੱਕ ਦੀ ਸਫ਼ਲਤਾ ਵਿੱਚ ਅਧਿਆਪਕ ਦੇ ਪੜ੍ਹਾਉਣ ਦੇ ਤਜ਼ੁਰਬੇ ਦਾ ਆਪਣਾ ਇੱਕ ਵਿਸ਼ੇਸ਼ ਰੋਲ ਹੁੰਦਾ ਹੈ। ਇਮਤਿਹਾਨ ਤੋਂ ਲੈ ਕੇ ਨਤੀਜੇ ਤੱਕ ਦੇ ਸਫ਼ਰ ਵਿੱਚ ਸਫ਼ਲਤਾ ਮਿਲ਼ਨ 'ਤੇ ਜਿੱਥੇ ਵਿਦਿਆਰਥੀ ਤੇ ਉਸਦੇ ਮਾਪਿਆਂ ਨੂੰ ਖ਼ੁਸ਼ੀ ਮਿਲ਼ਦੀ ਹੈ, ਉੱਥੇ ਅਧਿਆਪਕ ਲਈ ਉਹ ਪਲ ਹੋਰ ਵੀ ਮਹੱਤਵਪੂਰਨ ਹੁੰਦੇ ਹਨ। ਵਿਦਿਆਰਥੀ ਦੀ ਸਫ਼ਲਤਾ ਵਿੱਚ ਪਰਿਵਾਰਕ ਮਾਹੌਲ ਤੇ ਸਕੂਲ ਦਾ ਵਿੱਦਿਅਕ ਮਾਹੌਲ ਦੋਵੇਂ ਬਰਾਬਰ ਦਾ ਯੋਗਦਾਨ ਪਾਉਂਦੇ ਹਨ। ਵਿਦਿਆਰਥੀ ਦੇ ਮਾਪੇ ਹਰ ਪੱਖ ਤੋਂ ਇਸ ਕੋਸ਼ਸ਼ ਵਿੱਚ ਰਹਿੰਦੇ ਹਨ ਕਿ ਵਿਦਿਆਰਥੀ ਨੂੰ ਘਰ ਵਿੱਚ ਪੜ੍ਹਨ ਲਈ ਸੁਖਾਵਾਂ ਮਾਹੌਲ ਦੇਣ ਦੀ ਹਰ ਸੰਭਵ ਕੋਸ਼ਸ਼ ਕਰਦੇ ਹਨ ਅਤੇ ਸਕੂਲ ਵਿੱਚ ਹਰ ਵਿਸ਼ੇ ਦੇ ਅਧਿਆਪਕ ਆਪਣੇ ਨਿੱਜੀ ਤਜ਼ੁਰਬੇ ਨਾਲ਼ ਵਿਦਿਆਰਥੀ ਦੇ ਮਾਨਸਿਕ ਪੱਧਰ ਨੂੰ ਉਸ ਦੀ ਉਮਰ ਪੱਧਰ ਮੁਤਾਬਕ ਸਹੀ ਅਗਵਾਈ ਦਿੰਦੇ ਹਨ। ਫਿਰ ਹੀ ਅਸਲ ਵਿੱਚ ਪੜ੍ਹਨ-ਪੜ੍ਹਾਉਣ ਤੇ ਸਿੱਖਣ-ਸਿਖਾਉਣ ਦਾ ਅਸਲ ਮਕਸਦ ਪੂਰਾ ਹੁੰਦਾ ਹੈ।

ਨਤੀਜੇ ਦਾ ਪੱਖ ਸਿਰਫ਼ ਵਿੱਦਿਅਕ ਪੱਖੋਂ ਪ੍ਰਾਪਤੀਆਂ ਨਾਲ਼ ਹੀ ਜੁੜਿਆ ਨਹੀਂ ਹੁੰਦਾ ਸਗੋਂ ਵਿਦਿਆਰਥੀ ਦੀ ਸ਼ਖ਼ਸੀਅਤ ਦੇ ਸਰਬਪੱਖੀ ਵਿਕਾਸ ਦਾ ਇੱਕ ਤਰ੍ਹਾਂ ਦਾ ਸ਼ੀਸ਼ਾ ਹੁੰਦਾ ਹੈ।

ਕਿਸੇ ਵੀ ਇਮਤਿਹਾਨ ਦੇ ਨਤੀਜੇ ਉਹਦੀ ਮੰਜ਼ਿਲ ਦੇ ਰਸਤੇ ਵਿੱਚ ਸਹਾਈ ਹੁੰਦੇ ਹਨ। ਆਉਣ ਵਾਲੇ ਦਿਨਾਂ ਦੇ ਵਿੱਚ ਬੋਰਡ ਦੀਆਂ ਵੱਖੋ-ਵੱਖ ਜਮਾਤਾਂ ਦੇ ਨਤੀਜੇ ਆਉਣ ਵਾਲੇ ਹਨ। ਜਿੱਥੇ ਨਤੀਜਿਆਂ ਨੂੰ ਲੈ ਕੇ ਵਿਦਿਆਰਥੀਆਂ ਅਤੇ ਮਾਪਿਆਂ ਵਿੱਚ ਇਸ ਗੱਲ ਨੂੰ ਲੈ ਕੇ ਚਿੰਤਾ ਵੀ ਹੁੰਦੀ ਹੈ ਉੱਥੇ ਵਿਦਿਆਰਥੀ ਅਤੇ ਮਾਪਿਆਂ ਦੇ ਮਨ ਵਿੱਚ ਇਸ ਗੱਲ ਦੇ ਲਈ ਉਤਸਾਹ ਵੀ ਬਹੁਤ ਹੁੰਦਾ ਹੈ।

ਵਿਦਿਆਰਥੀ ਦਾ ਨਤੀਜਾ ਸਿਰਫ ਵਿਦਿਆਰਥੀ ਨੂੰ ਹੀ ਨਹੀਂ ਉਸ ਦੇ ਅਧਿਆਪਕ ਦੀ ਕਾਰਗੁਜ਼ਾਰੀ ਦਾ ਵੀ ਪੱਖ ਸਾਹਮਣੇ ਲੈ ਕੇ ਆਉਂਦਾ। ਹਰ ਜਮਾਤ ਦਾ ਨਤੀਜਾ ਅਗਲੀ ਜਮਾਤ ਦੀ ਤਿਆਰੀ ਲਈ ਰਣਨੀਤੀ ਦੇ ਵਿੱਚ ਬਹੁਤ ਵੱਡਾ ਯੋਗਦਾਨ ਪਾਉਂਦਾ ਹੈ। ਕੋਈ ਵੀ ਪਰੀਖਿਆ ਜਾਂ ਨਤੀਜਾ ਅੰਤਿਮ ਨਹੀਂ ਹੁੰਦਾ। ਹਰ ਨਤੀਜੇ ਤੋਂ ਬਾਅਦ ਪਰੀਖਿਆ ਇੱਕ ਨਵੇਂ ਰੂਪ ਵਿੱਚ ਸਾਹਮਣੇ ਆਉਂਦੀ ਹੈ। ਵਿਦਿਆਰਥੀ ਨੇ ਇਸ ਸਿੱਖਣ-ਸਿਖਾਉਣ ਦੀ ਪ੍ਰੀਕਿਰਿਆ ਵਿੱਚੋਂ ਲੰਘਦਿਆਂ ਆਪਣੇ ਆਪ ਨੂੰ ਮਿਥੀ ਮੰਜ਼ਿਲ ਵੱਲ ਲੈਕੇ ਜਾਣਾ ਹੁੰਦਾ ਹੈ। ਕਿਸੇ ਇੱਕ ਜਮਾਤ ਦੇ ਨਤੀਜੇ ਦਾ ਕੋਈ ਕੰਮਜ਼ੋਰ ਪੱਖ ਅਗਲੀ ਜਮਾਤ ਲਈ ਇੱਕ ਚੁਣੌਤੀ ਦੇ ਰੂਪ ਵਿੱਚ ਸਵੀਕਾਰ ਕਰਨਾ ਸਮਝਦਾਰ ਵਿਦਿਆਰਥੀ ਹੋਣ ਦੀ ਪਹਿਲੀ ਨਿਸ਼ਾਨੀ ਹੈ।

ਇਸੇ ਤਰ੍ਹਾਂ ਜ਼ਿੰਦਗੀ ਦੇ ਸਫ਼ਰ ਵਿੱਚ ਇਮਤਿਹਾਨਾਂ ਦਾ ਹੋਣਾ ਅਤੇ ਨਤੀਜਿਆਂ ਦਾ ਆਉਣਾ ਜ਼ਿੰਦਗੀ ਦਾ ਇੱਕ ਮਹੱਤਵਪੂਰਨ ਪੱਖ ਹੈ। ਸਿੱਖਣਾ ਇੱਕ ਵਿਦਿਆਰਥੀ ਲਈ ਇਬਾਦਤ ਵਾਂਗ ਹੋਣਾ ਚਾਹੀਦਾ ਹੈ।

ਪਿਆਰੇ ਵਿਦਿਆਰਥੀਓ ਜ਼ਿੰਦਗੀ ਦੇ ਹਰ ਪਲ ਤੋਂ ਸਿੱਖੋ। ਨਤੀਜੇ ਵਿੱਚ ਅੰਕਾਂ ਦੀ ਖੇਡ ਵਿੱਚ ਕਿਸੇ ਕਾਰਨ ਜੇ ਥੋੜ੍ਹਾ ਪਹਿਲਾਂ ਨਾਲੋਂ ਪਿੱਛੇ ਹੋ ਵੀ ਜਾਵੋਂ ਤਾਂ ਨਿਰਾਸ਼ ਤੇ ਉਦਾਸ ਨਾ ਹੋਣਾ। ਸਗੋਂ ਇਸ ਪੱਖ ਨੂੰ ਚੁਣੌਤੀ ਦੇ ਰੂਪ ਵਿੱਚ ਸਵੀਕਾਰ ਕਰਦਿਆਂ ਜ਼ਿੰਦਗੀ ਜ਼ਿੰਦਾਬਾਦ ਦੇ ਨਾਅਰੇ ਨਾਲ਼ ਅੱਗੇ ਵਧੋ। ਭਵਿੱਖ ਤੁਹਾਡੇ ਸਬਰ ਅਤੇ ਮਿਹਨਤ ਨੂੰ ਘੁੱਟ ਕੇ ਗਲਵੱਕੜੀ ਵਿੱਚ ਲੈਣ ਲਈ ਅੱਗੇ ਖੜ੍ਹਾ ਉਡੀਕ ਰਿਹਾ ਹੈ।

**-ਸ. ਸੁਖਚੈਨ ਸਿੰਘ ਕੁਰੜ (ਪੰਜਾਬੀ ਅਧਿਆਪਕ)**
**ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੂੰਮ (ਬਰਨਾਲਾ)**

# ਅੰਬੇਡਕਰ ਜਯੰਤੀ ਦੇ ਪ੍ਰੋਗਰਾਮਾਂ ਦੀ ਦੂਸਰੀ ਕੜੀ ਵਿੱਚ ਲੇਖ ਲਿਖਣ ਅਤੇ ਪੋਸਟਰ ਮੇਕਿੰਗ ਦੇ ਮੁਕਾਬਲੇ ਕਰਵਾਏ

**ਹੁਸ਼ਿਆਰਪੁਰ, 16 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬਹੁ-ਰੰਗ ਕਲਾਮੰਚ ਹੁਸ਼ਿਆਰਪੁਰ ਵਲੋਂ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਜੀ ਦੇ 135ਵੇਂ ਜਨਮ ਦਿਹਾੜੇ ਦੇ ਪ੍ਰੋਗਰਾਮਾਂ ਦੀ ਕੜੀ ਵਿੱਚ ਦੂਸਰੇ ਪੜਾਅ ਵਿੱਚ ਮਾਈ ਭਾਰਤ ਹੁਸ਼ਿਆਰਪੁਰ ਵਲੋਂ ਲੇਖ ਲਿਖਣ ਅਤੇ ਪੋਸਟਰ ਮੇਕਿੰਗ ਦੇ ਮੁਕਾਬਲੇ ਸਥਾਨਕ ਮੈਰੀ ਗੋਲਡ ਪਬਲਿਕ ਸਕੂਲ ਵਿਖੇ ਕਰਵਾਏ ਗਏ, ਜਿਸ ਦੇ ਮੁੱਖ ਮਹਿਮਾਨ ਸਾਬਕਾ ਐਮ.ਪੀ. ਅਵੀਨਾਸ਼ ਰਾਏ ਖੰਨਾ ਅਤੇ ਵਿਸ਼ੇਸ਼ ਮਹਿਮਾਨ ਰਿਟਾਇਰਡ ਡਿਪਟੀ ਡਾਇਰੈਕਟਰ ਐਜੂਕੇਸ਼ਨ ਸ਼੍ਰੀ ਅਸ਼ਵਨੀ ਕੁਮਾਰ ਦੱਤਾ ਸਨ। ਇਸ ਮੌਕੇ ਤੇ ਸਤਿ ਸ਼੍ਰੀ ਅਕਾਲ ਦੁਆਬਾ ਦੇ ਪ੍ਰਧਾਨ ਰਮੇਸ਼ ਕੁਮਾਰ, ਪ੍ਰਿੰਸੀਪਲ ਮੈਡਮ ਰੁਪਿੰਦਰ ਕੌਰ ਅਤੇ ਰੰਗਕਰਮੀ ਅਸ਼ੋਕ ਪੁਰੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਪ੍ਰੋਗਰਾਮ ਦੇ ਦੂਜੇ ਪੜਾਅ ਵਿੱਚ ਬਹੁ-ਰੰਗ ਕਲਾਮੰਚ ਵਲੋਂ ਤਿਆਰ ਕੀਤਾ ਗਿਆ ਨੁਕੜ ਨਾਟਕ 'ਪਹਿਲਾ ਪੜ੍ਹੋ ਪ੍ਰਦਸ਼ਿਤ ਕੀਤਾ ਗਿਆ। ਲੇਖ ਲਿਖਣ ਮੁਕਾਬਲੇ ਵਿੱਚ ਪਰਨੀਤ ਕੌਰ ਪਹਿਲੇ ਸਥਾਨ ਤੇ, ਸਿਮਰਤੀ ਦੂਸਰੇ ਅਤੇ ਜਸਪ੍ਰੀਤ ਕੌਰ ਤੀਸਰੇ ਸਥਾਨ ਤੇ ਰਹੇ। ਪੋਸਟਰ ਮੇਕਿੰਗ ਵਿੱਚ ਦੇਵ ਕੁਮਾਰ ਪਹਿਲੇ, ਰਣਵੀਰ ਸਿੰਘ ਧਾਮੀ ਦੂਸਰੇ ਅਤੇ ਗਗਨ ਸੁਰੀ ਤੀਸਰੇ ਸਥਾਨ ਤੇ ਰਹੇ। ਇਸ ਪ੍ਰੋਗਰਾਮ ਨੂੰ ਕਰਵਾਉਣ ਵਿੱਚ ਮੈਡਮ ਅਨੂ ਮਹਿਤਾ ਅਤੇ ਮੀਨਾ ਰਾਣੀ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਮੌਕੇ ਤੇ ਮੁੱਖ ਮਹਿਮਾਨ ਅਵੀਨਾਸ਼ ਰਾਏ ਖੰਨਾ ਜੀ ਨੇ ਭੀਮ ਰਾਓ ਅੰਬੇਡਕਰ ਜੀ ਦੀ ਭਾਰਤ ਨੂੰ ਦੇਣ ਅਤੇ ਦੁਨੀਆ ਦੀ ਸਭ ਤੋਂ ਵੱਡੀ ਸਮੱਸਿਆ ਬੁਲਿੰਗ ਤੋਂ ਦੂਰ ਹੋ ਕੇ ਸਕੂਲ ਸਮੇਂ ਤੋਂ ਸਾਰੇ ਵਿਦਿਆਰਥੀਆਂ ਨੂੰ ਭਾਈਚਾਰਕ ਪ੍ਰੇਮ ਬਣਾ ਕੇ ਰੱਖਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਇਸ ਸਾਲ ਭਾਰਤ ਸਰਕਾਰ ਵਲੋਂ ਦੇਸ਼ ਭਰ ਦੇ 576 ਜ਼ਿਲ੍ਹਿਆਂ ਵਿੱਚ ਅੰਬੇਡਕਰ ਜਯੰਤੀ ਨੂੰ ਮਨਾ ਕੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕੀਤੀ ਜਾ ਰਹੀ ਹੈ। ਪ੍ਰੋਗਰਾਮ ਦੇ ਅਖੀਰ ਵਿੱਚ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਅਤੇ ਸਕੂਲ ਦੇ ਪ੍ਰਿੰਸੀਪਲ ਰੁਪਿੰਦਰ ਕੌਰ ਨੂੰ ਸਨਮਾਨਿਤ ਕਰਨ ਤੋਂ ਪਹਿਲਾਂ ਨੁਕੜ ਨਾਟਕ 'ਪਹਿਲਾ ਪੜ੍ਹੋ ਵਿੱਚ ਅਸ਼ੋਕ ਪੁਰੀ ਦੇ ਨਾਲ ਪਰਵੇਸ਼, ਜਸਮੀਤ, ਸੰਧਿਆ, ਦੇਵ ਕੁਮਾਰ, ਹਰਲੀਨ ਕੌਰ, ਸੁਖਮਣੀ, ਧਰਮਪ੍ਰੀਤ ਅਤੇ ਦ੍ਰਿਸ਼ਟੀ ਨੇ ਨਾਟਕ ਵਿੱਚ ਆਪਣੇ ਕਿਰਦਾਰ ਨਿਭਾਏ।ਇਸ ਮੌਕੇ ਤੇ ਸਾਰੇ ਪ੍ਰੋਗਰਾਮਾਂ ਵਿੱਚ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243